ਪੜ੍ਹੋ ਭਾਰਤ ਦੀ ਹਰ ਖ਼ਬਰ ਸੱਚ ਦੇ ਨਾਲ



ਮਨਦੀਪ ਕੌਰ (ਡਾਇਰੈਕਟਰ)

# ਸਭ ਤੋਂ ਫਾਸਟ ਆਹਮੋ-ਸਾਹਮਣੇ

SABSE FAST AAMNE SAAMNE

Rni No Punpun 2015/60599

22 - 30 September 2025



ਸੋਨੂ ਸਮਿਆਲ (ਉਪ-ਸੰਪਾਦਕ)

ਸਾਲ 2025 / ਸੰਪਾਦਕ : ਐੱਸ. ਕੇ. ਸਕਸੈਨਾ / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013

# ਯੂਐੱਨ ਜਨਰਲ ਅਸੈਂਬਲੀ ’ਚ ਅਰਦੋਜਾਂ ਨੇ ਮੁੜ ਅਲਾਪਿਆ ਕਸ਼ਮੀਰ ਦਾ ਰਾਗ

## ਤੁਰਕੀ ਦੇ ਰਾਸ਼ਟਰਪਤੀ ਨੇ ਕਿਹਾ, ਉਨ੍ਹਾਂ ਦਾ ਮੁਲਕ ਭਾਰਤ ਤੇ ਪਾਕਿਸਤਾਨ ਵਿਚਕਾਰ ‘ਜੰਗਬੰਦੀ’ ਤੋਂ ਖ਼ੁਸ਼

ਸੰਯੁਕਤ ਰਾਸ਼ਟਰ (ਏਜੰਸੀ)-ਤੁਰਕੀ ਦੇ ਰਾਸ਼ਟਰਪਤੀ ਤਈਪ ਅਰਦੋਜਾਂ ਨੇ ਸੰਯੁਕਤ ਰਾਸ਼ਟਰ ਦੀ ਆਮ ਸਭਾ ਵਿਚ ਆਪਣੇ ਸੰਬੋਧਨ ਵਿਚ ਮੁੜ ਕਸ਼ਮੀਰ ਦਾ ਰਾਗ ਅਲਾਪਿਆ ਹੈ। ਅਰਦੋਜਾਂ ਨੇ ਕਿਹਾ ਕਿ ਉਨ੍ਹਾਂ ਦਾ ਮੁਲਕ ਇਸ ਸਾਲ ਦੇ ਸ਼ੁਰੂ ਵਿੱਚ ਟਕਰਾਅ ਮਗਰੋਂ ਭਾਰਤ ਅਤੇ ਪਾਕਿਸਤਾਨ ਵਿਚਕਾਰ ‘ਜੰਗਬੰਦੀ’ ਤੋਂ ‘ਖ਼ੁਸ਼’ ਹੈ। ਉਨ੍ਹਾਂ ਕਿਹਾ ਕਿ ਅਤਿਵਾਦ ਵਿਰੁੱਧ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਹਿਯੋਗ ਜ਼ਰੂਰੀ ਹੈ। ਉਨ੍ਹਾਂ ਕਿਹਾ, “ਅਸੀਂ ਉਮੀਦ ਕਰਦੇ ਹਾਂ ਕਿ ਕਸ਼ਮੀਰ ਮੁੱਦੇ ਦਾ ਹੱਲ ਸੰਯੁਕਤ ਰਾਸ਼ਟਰ ਦੇ



ਮਤਿਆਂ ਦੇ ਅਧਾਰ ’ਤੇ, ਕਸ਼ਮੀਰ ਵਿਚ ਸਾਡੇ ਭੈਣ ਭਰਾਵਾਂ ਦੇ ਹਿੱਤ ਵਿਚ ਗੱਲਬਾਤ ਜ਼ਰੀਏ ਕੱਢਿਆ ਜਾਵੇਗਾ।” ਸੰਯੁਕਤ ਰਾਸ਼ਟਰ ਆਮ ਸਭਾ ਦੇ 80ਵੇਂ ਸੈਸ਼ਨ ਨੂੰ ਸੰਬੋਧਨ ਕਰਦਿਆਂ ਅਰਦੋਜਾਂ ਨੇ ਕਿਹਾ, ‘ਦੱਖਣੀ ਏਸ਼ੀਆ ਵਿਚ ਅਸੀਂ ਸ਼ਾਂਤੀ ਤੇ ਸਥਿਰਤਾ ਦੀ ਰਾਖੀ ਨੂੰ ਬਹੁਤ ਅਹਿਮ ਮੰਨਦੇ ਹਾ। ਪਿਛਲੇ ਅਪਰੈਲ ਵਿਚ ਪਾਕਿਸਤਾਨ ਤੇ ਭਾਰਤ ਵਿਚ ਤਣਾਅ ਮਗਰੋਂ ਹੋਈ ਜੰਗਬੰਦੀ ਤੋਂ ਅਸੀਂ ਖ਼ੁਸ਼ ਹਾਂ। ਇਹ ਤਣਾਅ ਟਕਰਾਅ ਵਿਚ ਬਦਲ ਗਿਆ ਸੀ।” ਹਾਲੀਆ ਸਾਲਾਂ ਵਿਚ ਤੁਰਕੀ ਦੇ ਆਗੂ ਨੇ ਸੰਯੁਕਤ ਰਾਸ਼ਟਰ ਜਨਰਲ ਅਸੈਂਬਲੀ ਵਿਚ ਆਲਮੀ ਆਗੂਆਂ ਨੂੰ ਮੁਖਾਤਿਬ ਹੁੰਦਿਆਂ ਕਸ਼ਮੀਰ ਮਸਲੇ ਦਾ ਜ਼ਿਕਰ ਕੀਤਾ ਹੈ। ਭਾਰਤ ਨੇ ਪਹਿਲਗਾਮ ਦਹਿਸ਼ਤੀ ਹਮਲੇ, ਜਿਸ ਵਿਚ 26 ਲੋਕ ਮਾਰੇ ਗਏ ਸਨ, ਦੇ ਜਵਾਬ ਵਿਚ 7 ਮਈ ਨੂੰ ਪਾਕਿਸਤਾਨ ਦੇ ਕੰਟਰੋਲ ਵਾਲੇ ਖੇਤਰਾਂ ਵਿੱਚ ਦਹਿਸ਼ਤੀ ਢਾਂਚਿਆਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਆਪ੍ਰੇਸ਼ਨ ਸਿੰਧੂਰ ਸ਼ੁਰੂ ਕੀਤਾ ਸੀ। ਇਨ੍ਹਾਂ ਹਮਲਿਆਂ ਕਾਰਨ ਦੋਵਾਂ ਮੁਲਕਾਂ ਦਰਮਿਆਨ ਚਾਰ ਦਿਨਾਂ ਤੱਕ ਤਿੱਖੀਆਂ ਝੜਪਾਂ ਹੋਈਆਂ ਜੋ 10 ਮਈ ਨੂੰ ਫੌਜੀ ਕਾਰਵਾਈਆਂ ਨੂੰ ਰੋਕਣ ਦੀ ਸਹਿਮਤੀ ਨਾਲ ਖਤਮ ਹੋਈਆਂ।

# ਅਗਨੀ-ਪ੍ਰਾਈਮ ਮਿਜ਼ਾਈਲ ਦੀ ਮੋਬਾਈਲ ਪਲੈਟਫਾਰਮ ਤੋਂ ਸ.ਫਲ ਅਜ਼ਮਾਇਸ਼

## ਇਸ ਮਿਜ਼ਾਈਲ ਨਾਲ ਕੀਤੀ ਜਾ ਸਕਦੀ ਹੈ ਦੋ ਹਜ਼ਾਰ ਕਿਲੋਮੀਟਰ ਤੱਕ ਮਾਰ

ਨਵੀਂ ਦਿੱਲੀ (ਏਜੰਸੀ)-ਭਾਰਤ ਨੇ ਰੇਲ ਮੋਬਾਈਲ ਲਾਂਚਿੰਗ ਪ੍ਰਣਾਲੀ ਨਾਲ ਦੋ ਹਜ਼ਾਰ ਕਿਲੋਮੀਟਰ ਤੱਕ ਮਾਰ ਕਰਨ ਦੀ ਸਮਰੱਥਾ ਰੱਖਣ ਵਾਲੀ ਅਗਨੀ-ਪ੍ਰਾਈਮ ਮਿਜ਼ਾਈਲ ਦੀ ਸ.ਫਲ ਅਜ਼ਮਾਇਸ਼ ਕੀਤੀ ਹੈ ਜਿਸ ਨਾਲ ਇਸ ਨੂੰ ਦੇਸ਼ ਭਰ ’ਚ ਤਾਇਤਾਨ ਕਰਨ ਦੀ ਇਸ ਦੀ ਸਮਰੱਥਾ ਦਾ ਪ੍ਰਦਰਸ਼ਨ ਕੀਤਾ ਗਿਆ ਹੈ। ਅਗਲੀ ਪੀੜ੍ਹੀ ਦੀ ਮਿਜ਼ਾਈਲ ਦੀ ਅਜ਼ਮਾਇਸ਼ ਮਗਰੋਂ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਇਸ ਨਾਲ ਭਾਰਤ ਉਨ੍ਹਾਂ ਚੋਣਵੇਂ ਦੇਸ਼ਾਂ ਦੇ ਸਮੂਹ ’ਚ ਸ਼ਾਮਲ ਹੋ ਗਿਆ ਹੈ, ਜਿਨ੍ਹਾਂ ਕੋਲ ਰੇਲ ਨੈੱਟਵਰਕ ਰਾਹੀਂ ਮਿਜ਼ਾਈਲ ਲਾਂਚ ਕਰਨ ਦੀ ਸਮਰੱਥਾ ਹੈ। ਰੱਖਿਆ ਮੰਤਰਾਲੇ ਨੇ ਕਿਹਾ ਕਿ ਰੱਖਿਆ ਖੋਜ ਤੇ ਵਿਕਾਸ ਸੰਗਠਨ (ਡੀ ਆਰ ਡੀ ਓ) ਨੇ ਰਣਨੀਤਕ ਬਲ ਕਮਾਨ (ਐੱਸ ਐੱਫ ਸੀ) ਦੇ ਸਹਿਯੋਗ ਨਾਲ ਬੀਤੇ ਦਿਨ



ਦਰਮਿਆਨੀ ਦੂਰੀ ਦੀ ਅਗਨੀ ਪ੍ਰਾਈਮ ਮਿਜ਼ਾਈਲ ਦੀ ‘ਸ.ਫਲ’ ਲਾਂਚਿੰਗ ਕੀਤੀ। ਇਸ ਨੇ ਹਥਿਆਰ ਪ੍ਰਣਾਲੀ ਦੇ ਲਾਂਚ ਕਰਨ ਵਾਲੇ ਸਥਾਨ ਦਾ ਖ਼ੁਲਾਸਾ ਨਹੀਂ ਕੀਤਾ। ਰਾਜਨਾਥ ਸਿੰਘ ਨੇ ਕਿਹਾ ਕਿ ਵਿਸ਼ੇਸ਼ ਤੌਰ ’ਤੇ ਤਿਆਰ ਰੇਲ ਮੋਬਾਈਲ ਲਾਂਚਿੰਗ ਪ੍ਰਣਾਲੀ ਨਾਲ ਕੀਤੀ ਗਈ ਇਹ ਆਪਣੀ ਤਰ੍ਹਾਂ ਦੀ ਪਹਿਲੀ ਲਾਂਚਿੰਗ ਹੈ। ਉਨ੍ਹਾਂ ਕਿਹਾ ਕਿ ਇਸ ’ਚ ਰੇਲ ਨੈੱਟਵਰਕ ’ਤੇ ਚੱਲਣ ਦੀ ਸਮਰੱਥਾ ਹੈ ਜਿਸ ਨਾਲ ਇਸ ਨੂੰ ਬਹੁਤ ਘੱਟ ਸਮੇਂ ਅੰਦਰ ਦੇਸ਼ ’ਚ ਕਿਤੇ ਵੀ ਲਿਜਾਇਆ ਜਾ ਸਕੇਗਾ। ਮੰਤਰਾਲੇ ਨੇ ਕਿਹਾ ਕਿ ਅਗਨੀ-ਪ੍ਰਾਈਮ ਮਿਜ਼ਾਈਲ ਅਤਿ-ਆਧੁਨਿਕ ਸੰਚਾਰ ਪ੍ਰਣਾਲੀਆਂ ਤੇ ਸੁਰੱਖਿਆ ਤੰਤਰ ਸਮੇਤ ਸਾਰੀਆਂ ਲਾਂਚਿੰਗ ਸਮਰੱਥਾ ਸਹੂਲਤਾਂ ਨਾਲ ਲੈਸ ਹੈ।

# ਮੁੱਖ ਮੰਤਰੀ ਭਗਵੰਤ ਮਾਨ ਨੇ ਅਮਿਤ ਸ਼ਾਹ ਨਾਲ ਕੀਤੀ ਮੁਲਾਕਾਤ; ਕੇਂਦਰ ਤੋਂ ‘ਰਾਹਤ ਪੈਕੇਜ’ ਦੀ ਮੰਗ ਕੀਤੀ



## ਗ੍ਰਹਿ ਮੰਤਰੀ ਵੱਲੋਂ ਪਹਿਲੇ ਵਿੱਤੀ ਪੈਕੇਜ ਨੂੰ ‘ਟੋਕਨ ਮਨੀ’ ਦੱਸਦਿਆਂ ਹੋਰ ਕੇਂਦਰੀ ਮਦਦ ਦੇਣ ਦਾ ਵਾਅਦਾ

ਮੁੱਖ ਮੰਤਰੀ ਭਗਵੰਤ ਮਾਨ ਨੇ ਭਿਆਨਕ ਹੜ੍ਹਾਂ ਦੀ ਮਾਰ ਚੋਂ ਪੰਜਾਬ ਨੂੰ ਉਭਾਰਨ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ। ਅੱਜ ਨਵੀਂ ਦਿੱਲੀ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਪੂਰਤੀ ਲਈ ਕੇਂਦਰੀ ਨਿਯਮਾਂ ’ਚ ਸੋਧ ਦੀ ਮੰਗ ਕੀਤੀ। ਉਨ੍ਹਾਂ ਚਾਲੂ ਸੀਜ਼ਨ ’ਚ ਝੋਨੇ ਦੀ ਫ਼ਸਲ ਦੀ ਖ਼ਰੀਦ ਦੇ ਮਾਪਦੰਡਾਂ ’ਚ ਸੋਧ ਤੋਂ ਇਲਾਵਾ ਕੰਡਿਆਲੀ ਤਾਰ ਤੋਂ ਪਾਰ ਦੇ ਕਿਸਾਨਾਂ ਦੇ ਮਸਲੇ ਉਠਾਏ। ਮੁੱਖ ਮੰਤਰੀ ਨੇ ਕੇਂਦਰੀ ਗ੍ਰਹਿ ਮੰਤਰੀ ਨਾਲ ਕੀਤੀ 25 ਮਿੰਟ ਦੀ ਮੀਟਿੰਗ ’ਚ ਪੰਜਾਬ ’ਚ ਹੜ੍ਹਾਂ ਦੀ



ਤਬਾਹੀ ਦੇ ਭਿਆਨਕ ਦ੍ਰਿਸ਼ ਤੇ ਨੁਕਸਾਨ ਤੋਂ ਜਾਣੂ ਕਰਾਇਆ। ਮੁੱਖ ਮੰਤਰੀ ਭਗਵੰਤ ਮਾਨ ਅੱਜ ਅਮਿਤ ਸ਼ਾਹ ਨਾਲ ਮੀਟਿੰਗ ਮਗਰੋਂ ਕਾਫ਼ੀ ਆਸਵੰਦ ਨਜ਼ਰ ਆਏ। ਉਨ੍ਹਾਂ ਮੀਟਿੰਗ ਸੁਖਾਵੇਂ ਮਾਹੌਲ ’ਚ ਹੋਣ ਦੀ ਗੱਲ ਕਰਦਿਆਂ ਦੱਸਿਆ ਕਿ ਕੇਂਦਰੀ ਗ੍ਰਹਿ ਮੰਤਰੀ ਨੇ 1600 ਕਰੋੜ ਦੇ ਐਲਾਨੇ ਰਾਹਤ ਪੈਕੇਜ ਤੋਂ ਇਲਾਵਾ ਹੋਰ ਕੇਂਦਰੀ ਮਦਦ ਕਰਨ ਦਾ ਭਰੋਸਾ ਦਿੱਤਾ ਹੈ। ਕੇਂਦਰੀ ਗ੍ਰਹਿ ਮੰਤਰੀ ਨੇ ਪਹਿਲੇ ਵਿੱਤੀ ਪੈਕੇਜ ਨੂੰ ‘ਟੋਕਨ ਮਨੀ’ ਦੱਸਦਿਆਂ ਹੋਰ ਕੇਂਦਰੀ ਮਦਦ ਦੇਣ ਦਾ ਵਾਅਦਾ ਵੀ ਕੀਤਾ ਹੈ। ਮੁੱਖ ਮੰਤਰੀ ਨੇ ਉਮੀਦ ਜ਼ਾਹਿਰ ਕੀਤੀ ਕਿ ਕੇਂਦਰ ਸੰਕਟ ਦੀ ਘੜੀ ’ਚ ਪੰਜਾਬ ਨਾਲ ਖੜ੍ਹੇਗਾ ਕਿਉਂਕਿ ਪੰਜਾਬ ਹਮੇਸ਼ਾ ਹੀ ਔਖ ਦੇ ਵੇਲਿਆਂ ’ਚ ਦੇਸ਼ ਨਾਲ ਖੜ੍ਹਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਕੋਲ ਹੜ੍ਹ ਪੀੜਤਾਂ ਨੂੰ ਮਿਲਣ ਦਾ ਸਮਾਂ ਨਹੀਂ ਜਦੋਂ ਕਿ ਬਿਹਾਰ ਨੂੰ ਸੌਗਾਤਾਂ ਦਿੱਤੀਆਂ ਜਾ ਰਹੀਆਂ ਹਨ। ਹੜ੍ਹਾਂ ਦੀ ਤਬਾਹੀ ਬਾਰੇ ਪੰਜਾਬ ਸਰਕਾਰ ਤਰਫ਼ੋਂ ਆਪਣਾ ਪੱਖ ਕੇਂਦਰੀ ਗ੍ਰਹਿ ਮੰਤਰੀ ਕੋਲ ਰੱਖ ਦਿੱਤਾ ਹੈ ਅਤੇ ਹੁਣ ਫ਼ੈਸਲਾ ਕੇਂਦਰ ਦੇ ਹੱਥ ਹੈ।

ਚੇਤੇ ਰਹੇ ਕਿ ਮੁੱਖ ਮੰਤਰੀ ਵੱਲੋਂ ਪ੍ਰਧਾਨ ਮੰਤਰੀ ਦਫ਼ਤਰ ਤੋਂ ਸਮਾਂ ਮੰਗਿਆ ਗਿਆ ਸੀ ਜਿਸ ਨੂੰ ਲੈ ਕੇ ਹਾਕਮ ਧਿਰ ਨੇ ਲੰਘੇ ਵਿਧਾਨ ਸਭਾ ਦੇ ਸੈਸ਼ਨ ’ਚ ਇਹ ਮੁੱਦਾ ਵੀ ਚੁੱਕਿਆ ਸੀ। ਮੁੱਖ ਮੰਤਰੀ ਨੇ ਮੁੱਖ ਰੂਪ ’ਚ ਅੱਜ ਮੀਟਿੰਗ ਦੌਰਾਨ ਮੁਆਵਜ਼ਾ ਰਾਸ਼ੀ ’ਚ ਬੜ੍ਹੌਤਰੀ ਲਈ ਕੇਂਦਰ ਤੋਂ ਐੱਸ.ਡੀ.ਆਰ. ਐੱਫ਼. /ਐਨ.ਡੀ.ਆਰ.ਐੱਫ਼. ਦੇ ਨਿਯਮਾਂ ਵਿੱਚ ਸੋਧ ਕਰਨ ਦੀ ਮੰਗ ਕੀਤੀ।

ਉਨ੍ਹਾਂ ਜਾਨੀ ਮਾਲੀ ਨੁਕਸਾਨ ਤੋਂ ਇਲਾਵਾ ਪੰਜਾਬ ਦੇ ਬੁਨਿਆਦੀ ਢਾਂਚੇ ਨੂੰ ਵੱਜੀ ਸੱਟ ਤੋਂ ਵੀ ਜਾਣੂ ਕਰਾਇਆ। ਉਨ੍ਹਾਂ ਹੜ੍ਹਾਂ ਤੋਂ ਨੁਕਸਾਨ 20 ਹਜ਼ਾਰ ਕਰੋੜ ਤੱਕ ਪੁੱਜਣ ਦੀ ਗੱਲ ਰੱਖੀ।

# ਸੋਨੀਆ ਗਾਂਧੀ ਵੱਲੋਂ ਫਲਸਤੀਨ ਮੁੱਦੇ ’ਤੇ ਮੋਦੀ ਦੀ ਆਲੋਚਨਾ



ਨਵੀਂ ਦਿੱਲੀ (ਏਜੰਸੀ)-ਕਾਂਗਰਸ ਸੰਸਦੀ ਦਲ ਦੀ ਚੇਅਰਪਰਸਨ ਸੋਨੀਆ ਗਾਂਧੀ ਨੇ ਫਲਸਤੀਨ ਦੇ ਮੁੱਦੇ ’ਤੇ ਮੋਦੀ ਸਰਕਾਰ ਦੇ ਰੁਖ਼ ਦੀ ਤਿੱਖੀ ਆਲੋਚਨਾ ਕਰਦਿਆਂ ਕਿਹਾ ਕਿ ਭਾਰਤ ਨੂੰ ਅਗਵਾਈ ਦਾ ਪ੍ਰਮਾਣ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਖਾਮੋਸ਼ੀ ਤੋਂ ਉਸ ਦਾ ਪ੍ਰਤੀਕਰਮ ਝਲਕਦਾ ਹੈ ਅਤੇ ਉਸ ਨੇ ਮਨੁੱਖਤਾ ਤੇ ਨੈਤਿਕਤਾ ਨੂੰ ਲਾਂਭੇ ਕਰ ਦਿੱਤਾ ਹੈ। ਉਨ੍ਹਾਂ ਅੰਗਰੇਜ਼ੀ ਅਖ਼ਬਾਰ ‘ਦਿ ਹਿੰਦੂ’ ’ਚ ਲਿਖੇ ਲੇਖ ਵਿੱਚ ਕਿਹਾ ਕਿ ਸਰਕਾਰ ਦੇ ਕਦਮ ਮੁੱਖ ਤੌਰ ’ਤੇ ਭਾਰਤ ਦੇ ਸੰਵਿਧਾਨਕ ਕਦਰਾਂ-ਕੀਮਤਾਂ ਜਾਂ ਉਸ ਦੇ ਰਣਨੀਤਕ ਹਿੱਤਾਂ ਦੀ ਬਜਾਏ ਇਜ਼ਰਾਇਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਨਿੱਜੀ ਦੋਸਤੀ ਤੋਂ ਪ੍ਰੇਰਿਤ ਪ੍ਰਤੀਤ ਹੁੰਦੇ ਹਨ। ਸੋਨੀਆ ਨੇ ਕਿਹਾ, “ਨਿੱਜੀ ਕੂਟਨੀਤੀ ਦੀ ਇਹ ਸ਼ੈਲੀ ਕਦੇ ਵੀ ਸਵੀਕਾਰਨਯੋਗ ਨਹੀਂ ਹੈ ਅਤੇ ਇਹ ਭਾਰਤ ਦੀ ਵਿਦੇਸ਼ ਨੀਤੀ ਦਾ ਮਾਰਗਦਰਸ਼ਕ ਨਹੀਂ ਹੋ ਸਕਦੀ ਹੈ।

# ਦਸ ਦਿਨਾਂ ਅੰਦਰ ਮਿਲੇਗੀ ਅਰਵਿੰਦ ਕੇਜਰੀਵਾਲ ਨੂੰ ਸਰਕਾਰੀ ਰਿਹਾਇਸ਼

## ਦਿੱਲੀ ਹਾਈ ਕੋਰਟ ਨੂੰ ਕੇਂਦਰ ਸਰਕਾਰ ਨੇ ਕੀਤਾ ਸੂਚਿਤ

ਨਵੀਂ ਦਿੱਲੀ (ਏਜੰਸੀ)-ਕੇਂਦਰ ਸਰਕਾਰ ਨੇ ਦਿੱਲੀ ਹਾਈ ਕੋਰਟ ਨੂੰ ਸੂਚਿਤ ਕੀਤਾ ਹੈ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਅਗਲੇ 10 ਦਿਨਾਂ ਦੇ ਅੰਦਰ ਸਰਕਾਰੀ ਰਿਹਾਇਸ਼ ਦੇ ਦਿੱਤੀ ਜਾਵੇਗੀ। ਆਮ ਆਦਮੀ ਪਾਰਟੀ ਵੱਲੋਂ ਨਿਯਮਾਂ ਅਨੁਸਾਰ ਸਾਬਕਾ ਮੁੱਖ ਮੰਤਰੀ ਨੂੰ ਸਰਕਾਰੀ ਕੋਟੇ ਵਿੱਚੋਂ ਰਿਹਾਇਸ਼ ਮੁਹੱਈਆ ਕਰਵਾਉਣ ਦੀ ਮੰਗ ਕੀਤੀ ਜਾ ਰਹੀ ਸੀ। ਇਸ ਮੁੱਦੇ ਨੂੰ ਲੈ ਕੇ ‘ਆਪ’ ਨੇ ਕਈ ਵਾਰ ਭਾਜਪਾ ਅਤੇ ਉਪ ਰਾਜਪਾਲ ਨੂੰ ਭੰਡਿਆ ਸੀ। ਸੌਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਜਸਟਿਸ ਸਚਿਨ ਦੱਤਾ ਦੀ ਅਦਾਲਤ ’ਚ ਇਹ ਜਾਣਕਾਰੀ ਦਿੱਤੀ ਕਿ ਕੇਜਰੀਵਾਲ ਨੂੰ ਸਰਕਾਰੀ ਰਿਹਾਇਸ਼ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਾਮਲਾ ਹੁਣ ਹੱਲ ਹੋ ਗਿਆ ਹੈ ਅਤੇ ਕੇਜਰੀਵਾਲ ਨੂੰ ਲਾਗੂ ਨਿਯਮਾਂ ਅਨੁਸਾਰ ਢੁਕਵੀਂ ਰਿਹਾਇਸ਼ ਅਲਾਟ ਕੀਤੀ ਜਾਵੇਗੀ। ਅਦਾਲਤ ਨੇ ਕੇਂਦਰ ਸਰਕਾਰ ਦੇ ਇਸ ਬਿਆਨ ਨੂੰ ਰਿਕਾਰਡ ’ਤੇ ਲੈਂਦਿਆਂ ਕਿਹਾ ਕਿ ਇਸ ਸਬੰਧ ਵਿੱਚ ਢੁਕਵੇਂ ਆਦੇਸ਼ ਪਾਸ ਕੀਤੇ ਜਾਣਗੇ। ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਸਰਕਾਰੀ ਰਿਹਾਇਸ਼ ਅਲਾਟ ਕਰਨ ਨੂੰ ਲੈ ਕੇ ਕਾਨੂੰਨੀ ਕਾਰਵਾਈ ਚੱਲ ਰਹੀ ਹੈ। ਕੇਂਦਰ ਸਰਕਾਰ




ਦੇ ਇਸ ਭਰੋਸੇ ਨੂੰ ਵਿਵਾਦ ਹੱਲ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ। ਦੱਸਣਯੋਗ ਹੈ ਕਿ ਆਮ ਆਦਮੀ ਪਾਰਟੀ ਨੇ ਦਿੱਲੀ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕਰ ਕੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਲਈ ਰਿਹਾਇਸ਼ ਅਲਾਟ ਕਰਨ ਦੀ ਮੰਗ ਕੀਤੀ ਸੀ। 18 ਸਤੰਬਰ ਨੂੰ ਇਸ ਪਟੀਸ਼ਨ ਦੀ ਸੁਣਵਾਈ ਦੌਰਾਨ ਜਸਟਿਸ ਸਚਿਨ ਦੱਤਾ ਦੀ ਅਗਵਾਈ ਵਾਲੇ ਬੈਂਚ ਨੇ ਰਿਹਾਇਸ਼ ਅਲਾਟ ਕਰਨ ਵਿੱਚ ਹੋ ਰਹੀ ਦੇਰੀ ’ਤੇ ਨਾਰਾਜ਼ਗੀ ਜ਼ਾਹਿਰ ਕੀਤੀ ਸੀ ਅਤੇ ਕਿਹਾ ਸੀ ਕਿ ਇਹ ਫ਼ੈਸਲਾ ਅਧਿਕਾਰੀਆਂ ਦੀ ਮਨਮਾਨੀ ’ਤੇ ਆਧਾਰਿਤ ਨਹੀਂ ਹੋ ਸਕਦਾ।

# ਸਪਾ ਆਗੂ ਆਜ਼ਮ ਖ਼ਾਨ ਦੋ ਸਾਲ ਪਿੱਛੋਂ ਜੇਲ੍ਹ ’ਚੋਂ ਰਿਹਾਅ

ਲਖਨਊ (ਏਜੰਸੀ)-ਸਮਾਜਵਾਦੀ ਪਾਰਟੀ (ਸਪਾ) ਦੇ ਸੰਸਥਾਪਕ ਮੈਂਬਰ ਆਜ਼ਮ ਖ਼ਾਨ (77) ਦੋ ਸਾਲਾਂ ਬਾਅਦ ਸੀਤਾਪੁਰ ਜੇਲ੍ਹ ਵਿੱਚੋਂ ਜ਼ਮਾਨਤ ’ਤੇ ਰਿਹਾਅ ਹੋਏ ਹਨ। ਜੇਲ੍ਹ ਤੋਂ ਬਾਹਰ ਆਉਣ ਮਗਰੋਂ ਉੱਤਰ ਪ੍ਰਦੇਸ਼ ਦੇ ਸਾਬਕਾ ਕੈਬਨਿਟ ਮੰਤਰੀ ਖਾਨ ਨੇ ਪਿਆਰ ਤੇ ਸਹਿਯੋਗ ਲਈ ਸਮਰਥਕਾਂ ਦਾ ਧੰਨਵਾਦ ਕੀਤਾ ਹੈ। ਆਜ਼ਮ ਖ਼ਾਨ ਕਈ ਕੇਸਾਂ ਦਾ ਸਾਹਮਣਾ ਕਰ ਰਹੇ ਹਨ। ਅਲਾਹਾਬਾਦ ਹਾਈ ਕੋਰਟ ਨੇ ਉਨ੍ਹਾਂ ਨੂੰ ਕੁਆਲਿਟੀ ਬਾਰ ਜ਼ਮੀਨ ਕਬਜ਼ਾ ਮਾਮਲੇ ’ਤੇ ਜ਼ਮਾਨਤ ਦਿੱਤੀ ਸੀ।



ਆਜ਼ਮ ਖ਼ਾਨ ਨੇ ਆਪਣੇ ਗ੍ਰਹਿ ਕਸਬੇ ਰਾਮਪੁਰ ਵੱਲ ਜਾਂਦਿਆਂ ਬਰੇਲੀ ’ਚ ਪੱਤਰਕਾਰ ਨੂੰ ਕਿਹਾ, “ਮੈਂ ਉਨ੍ਹਾਂ ਸਾਰਿਆਂ ਦਾ ਧੰਨਵਾਦੀ ਹਾਂ, ਜਿਨ੍ਹਾਂ ਨੇ ਮੇਰੇ ਲਈ ਦੁਆਵਾਂ ਕੀਤੀਆਂ। ਇਹ ਪੁੱਛੇ ਜਾਣ ਕਿ ਕੀ ਉਨ੍ਹਾਂ ਨੂੰ ਲੱਗਦਾ ਹੈ ਕਿ ਨਿਆਂ ਹੋਇਆ ਹੈ, ਖ਼ਾਨ ਨੇ ਕਿਹਾ, “ਮੈਂ ਅਜਿਹਾ ਨਹੀਂ ਕਹਿ ਸਕਦਾ।” ਸਾਬਕਾ ਸੰਸਦ ਮੈਂਬਰ ਨੇ ਬਸਪਾ ਸ਼ਾਮਲ ਹੋਣ ਦਾ ਕਿਆਸ ਖਾਰਜ ਕੀਤਾ ਹੈ। ਪਾਰਟੀ ਬਦਲਣ ਦੀਆਂ ਰਿਪੋਰਟਾਂ ਬਾਰੇ ਸਵਾਲ ’ਤੇ ਉਨ੍ਹਾਂ ਆਖਿਆ, “ਇਹ ਗੱਲ ਉਨ੍ਹਾਂ ਨੂੰ ਪੁੱਛੋ ਜੋ ਅਜਿਹੇ ਦਾਅਵੇ ਕਰ ਰਹੇ ਹਨ। ਇਸੇ ਦੌਰਾਨ ਸਪਾ ਦੇ ਕੌਮੀ ਜਨਰਲ ਸਕੱਤਰ ਸ਼ਿਵਪਾਲ ਸਿੰਘ ਯਾਦਵ ਨੇ ਆਜ਼ਮ ਖ਼ਾਨ ਦੇ ਭਾਜਪਾ ’ਚ ਸ਼ਾਮਲ ਹੋਣ ਦੀਆਂ ਰਿਪੋਰਟਾਂ ਦਾ ਖੰਡਨ ਕੀਤਾ ਤੇ ਇਸ ਨੂੰ ‘ਅਫਵਾਹ’ ਕਰਾਰ ਦਿੱਤਾ। ਯਾਦਵ ਨੇ ਕਿਹਾ, “ਆਜ਼ਮ ਖ਼ਾਨ ਦੇ ਕਿਸੇ ਹੋਰ ਪਾਰਟੀ ’ਚ ਸ਼ਾਮਲ ਹੋਣ ਦਾ ਕੋਈ ਸਵਾਲ ਹੀ ਨਹੀਂ ਹੈ। ਉਹ ਸਮਾਜਵਾਦੀ ਪਾਰਟੀ ਦੇ ਨਾਲ ਸਨ ਤੇ ਇਸ ਦੇ ਨਾਲ ਹੀ ਰਹਿਣਗੇ। ਸਪਾ ਲੀਡਰਸ਼ਿਪ ਹਮੇਸ਼ਾ ਖ਼ਾਨ ਦੇ ਨਾਲ ਸੀ ਅਤੇ ਉਨ੍ਹਾਂ ਦੇ ਨਾਲ ਰਹੇਗੀ।

# 97 ਹੋਰ ਤੇਜਸ ਲੜਾਕੂ ਜਹਾਜ਼ ਐੱਚ.ਏ.ਐੱਲ. ਤੋਂ ਖਰੀਦੇਗੀ ਸਰਕਾਰ

## ਹਿੰਦੁਸਤਾਨ ਏਅਰੋਨੌਟਿਕਸ ਲਿਮਿਟਡ ਨਾਲ 62,370 ਕਰੋੜ ਰੁਪਏ ਦਾ ਸਮਝੌਤਾ ਰੱਖਿਆ ਮੰਤਰਾਲੇ ਵੱਲੋਂ ਕੀਤਾ ਗਿਆ

ਨਵੀਂ ਦਿੱਲੀ (ਏਜੰਸੀ)-ਰੱਖਿਆ ਮੰਤਰਾਲੇ ਨੇ ਭਾਰਤੀ ਹਵਾਈ ਫ਼ੌਜ ਦੀ ਜੰਗੀ ਸਮਰੱਥਾ ਵਧਾਉਣ ਲਈ ਹਿੰਦੁਸਤਾਨ ਏਅਰੋਨੌਟਿਕਸ ਲਿਮਿਟਡ (ਐੱਚ ਏ ਐੱਲ) ਨਾਲ 97 ਤੇਜਸ ਮਾਰਕ-1ਏ ਦੀ ਖਰੀਦ ਲਈ 62,370 ਕਰੋੜ ਦਾ ਸਮਝੌਤਾ ਸਹੀਬੰਦ ਕੀਤਾ ਹੈ। ਟੈਕਸਾਂ ਸਮੇਤ ਇਸ ਸੌਦੇ ਦੀ ਕੁੱਲ ਲਾਗਤ 66,550 ਕਰੋੜ ਹੋਵੇਗੀ। 97 ਜੈੱਟਾਂ ਦਾ ਇਹ ਸੌਦਾ ਪਹਿਲਾਂ ਹੀ ਆਰਡਰ ਕੀਤੇ ਗਏ 83 ਜੈੱਟਾਂ ਤੋਂ ਵੱਖਰਾ ਹੈ, ਜਿਸ ਨਾਲ ਤੇਜਸ ਮਾਰਕ 1ਏ ਜੈੱਟਾਂ ਦਾ ਕੁੱਲ ਆਰਡਰ 180 ਹੋ ਗਿਆ ਹੈ। ਜ਼ਿਕਰਯੋਗ ਹੈ ਕਿ ਤੇਜਸ ਪ੍ਰੋਗਰਾਮ ਭਾਰਤੀ ਹਵਾਈ ਫ਼ੌਜ ਨੂੰ ਉਸ ਦੇ ਮਿੱਗ-21 ਜਹਾਜ਼ਾਂ ਦੇ ਬੇੜੇ ਨੂੰ ਬਦਲਣ ਵਿੱਚ ਮਦਦ ਕਰਨ ਲਈ ਹੈ, ਜਿਨ੍ਹਾਂ ਨੂੰ ਭਲਕੇ ਚੰਡੀਗੜ੍ਹ ’ਚ ਇੱਕ ਸਮਾਗਮ ਦੌਰਾਨ ਵਿਦਾਇਗੀ ਦਿੱਤੀ ਜਾ ਰਹੀ ਹੈ। ਇਹ ਕਦਮ ਦਰਸਾਉਂਦਾ ਹੈ ਕਿ ਰੱਖਿਆ ਮੰਤਰਾਲੇ ਨੇ ਜਨਤਕ ਖੇਤਰ ਦੀ ਕੰਪਨੀ ਐੱਚ ਏ ਐੱਲ ’ਤੇ ਭਰੋਸਾ ਜਤਾਇਆ ਹੈ। ਕੰਪਨੀ ਹਾਲਾਂਕਿ ਜਨਵਰੀ 2021 ਵਿੱਚ ਸਹੀਬੰਦ ਕੀਤੇ ਗਏ ਪਿਛਲੇ ਸਮਝੌਤੇ ਤਹਿਤ ਉਸੇ ਕਿਸਮ ਦੇ ਜੈੱਟਾਂ ਦੀ ਸਪਲਾਈ ਕਰਨ ’ਚ 18 ਮਹੀਨੇ ਪੱਛੜੀ ਹੋਈ ਹੈ। ਸਹੀਬੰਦ ਹੋਇਆ ਸਮਝੌਤਾ



ਭਾਰਤੀ ਹਵਾਈ ਫ਼ੌਜ ਲਈ 68 ਲੜਾਕੂ ਜੈੱਟਾਂ ਅਤੇ ਸਿਖਲਾਈ ਲਈ ਵਰਤੇ ਜਾਣ ਵਾਲੇ 29 ਦੋ-ਸੀਟਰ ਜੈੱਟਾਂ ਦੇ ਨਾਲ-ਨਾਲ ਹੋਰ ਸਬੰਧਤ ਸਾਜ਼ੋ-ਸਾਮਾਨ ਲਈ ਹੈ। ਰੱਖਿਆ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਇਨ੍ਹਾਂ ਜਹਾਜ਼ਾਂ ਦੀ ਡਿਲਿਵਰੀ 2027-28 ਤੋਂ ਸ਼ੁਰੂ ਹੋਵੇਗੀ ਅਤੇ ਛੇ ਸਾਲਾਂ ਵਿੱਚ ਪੂਰੀ ਹੋ ਜਾਵੇਗੀ। ਸਰਕਾਰ ਨੇ ਸਵੈ-ਨਿਰਭਰਤਾ ਨੂੰ ਹੁਲਾਰਾ ਦਿੱਤਾ ਹੈ, ਇਸ ਲਈ ਇਨ੍ਹਾਂ ਜਹਾਜ਼ਾਂ ਵਿੱਚ ਲਗਪਗ 64 ਫੀਸਦ ਸਮੱਗਰੀ ਸਵਦੇਸ਼ੀ ਹੋਵੇਗੀ ਤੇ ਇਨ੍ਹਾਂ ਵਿੱਚ ਜਨਵਰੀ 2021 ਵਿੱਚ ਸਹੀਬੰਦ ਕੀਤੇ ਗਏ 83 ਜੈੱਟਾਂ ਦੇ ਪਿਛਲੇ ਸਮਝੌਤੇ ਮੁਕਾਬਲੇ 67 ਵਾਧੂ ਚੀਜ਼ਾਂ ਸ਼ਾਮਲ ਕੀਤੀਆਂ ਗਈਆਂ ਹਨ। ਰੱਖਿਆ ਮੰਤਰਾਲੇ ਨੇ ਕਿਹਾ ਕਿ ਇਹ 97 ਜੈੱਟ ਸਵਦੇਸ਼ੀ ਤੌਰ ’ਤੇ ਡਿਜ਼ਾਈਨ ਕੀਤੇ ਤੇ ਨਿਰਮਿਤ ਤੇਜਸ ਜਹਾਜ਼ਾਂ ਦਾ ਸਭ ਤੋਂ ਉੱਨਤ ਰੂਪ ਹੋਣਗੇ। ਰੱਖਿਆ ਮੰਤਰਾਲੇ ਵੱਲੋਂ ਸਮਝੌਤੇ ਵਿੱਚ ਦੱਸੀ ਗਈ ਡਿਲਿਵਰੀ ਦੀ ਸਮਾਂ-ਸੀਮਾ ਬਹੁਤ ਮਹੱਤਵਪੂਰਨ ਹੈ। ਐੱਚ ਏ ਐੱਲ ਨੂੰ ਅਮਰੀਕੀ ਕੰਪਨੀ ਜਨਰਲ ਇਲੈਕਟ੍ਰਿਕ (ਜੀ ਈ) ਤੋਂ ਤੇਜਸ ਮਾਰਕ-1ਏ ਲਈ ਐੱਫ-404 ਇੰਜਣਾਂ ਦੀ ਸਪਲਾਈ ਵਿੱਚ ਦੇਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਐੱਚ ਏ ਐੱਲ ਕੋਲ ਲਗਭਗ ਇੱਕ ਦਰਜਨ ਜੈੱਟ ਤਿਆਰ ਹਨ, ਪਰ ਹੁਣ ਤੱਕ ਜੀ ਈ ਵੱਲੋਂ ਸਿਰਫ ਤਿੰਨ ਇੰਜਣਾਂ ਦੀ ਸਪਲਾਈ ਕੀਤੀ ਗਈ ਹੈ। ਨਤੀਜੇ ਵਜੋਂ ਹਵਾਈ ਫ਼ੌਜ ਨੂੰ ਇੱਕ ਵੀ ਜੈੱਟ ਨਹੀਂ ਮਿਲਿਆ ਹੈ, ਜੋ ਕਿ ਘਟਦੀ ਲੜਾਕੂ ਤਾਕਤ ਨਾਲ ਜੂਝ ਰਹੀ ਹੈ। ਡਿਲਿਵਰੀ ਮਾਰਚ 2024 ਵਿੱਚ ਸ਼ੁਰੂ ਹੋ ਜਾਣੀ ਚਾਹੀਦੀ ਸੀ ਅਤੇ ਇਸ ਤੋਂ ਕੁਝ ਮਹੀਨੇ ਪਹਿਲਾਂ ਇੰਜਣਾਂ ਦਾ ਆਉਣਾ ਸ਼ੁਰੂ ਹੋ ਜਾਣਾ ਚਾਹੀਦਾ ਸੀ।

# ਬ੍ਰਿਧ ਆਸ਼ਰਮ ਨੇ ਦਿੱਤਾ ਇੱਕ ਹੋਰ ਬਜ਼ੁਰਗ ਮਾਤਾ ਨੂੰ ਸਹਾਰਾ

ਰਵਿੰਦਰ

ਮਿਤੀ 25/9/ 2025 ਨੂੰ ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਪਠਾਨਕੋਟ ਨੇ ਦਿੱਤਾ ਇੱਕ ਹੋਰ ਬਜ਼ੁਰਗ ਮਾਂ ਨੂੰ ਸਹਾਰਾ। ਇਹ ਮਾਤਾ ਰਾਜ ਰਾਣੀ ,ਪਤਨੀ ਯਸ ਪਾਲ। ਨਿਵਾਸੀ- ਬਦਰੋਆ, ਉਮਰ -75 ਸਾਲ ਦੀ ਹੈ। ਇਸ ਮਾਤਾ ਜੀ ਨੂੰ ਦੀਪਕ ਮਹਾਜਨ ਤੇ ਅਜੀਤ ਸਿੰਘ ਗੁਰਦਾਸਪੁਰ ਦੇ ਵੱਲੋਂ ਬ੍ਰਿਧ ਘਰ ਵਿੱਚ ਛੱਡਿਆ ਗਿਆ ਹੈ । ਉਹਨਾਂ ਨੇ ਦੱਸਿਆ ਕਿ ਮਾਤਾ ਦਾ ਇੱਕ ਪੁੱਤਰ ਹੈ। ਜੋ ਨਸ਼ਿਆਂ ਵਿੱਚ ਪਿਆ ਹੋਇਆ ਹੈ ਅਤੇ ਉਹ ਮਾਤਾ ਨੂੰ ਆਪਣੇ ਘਰ ਵਿੱਚ ਨਹੀਂ ਰੱਖਦਾ ਮਾਤਾ ਗੁਰਦਾਸਪੁਰ ਵਿਖੇ ਕਿਸੇ ਕਿਰਾਏ ਦੇ ਮਕਾਨ ਤੇ ਰਹਿੰਦੀ ਹੈ ਇਸਦੀ ਸਾਰੀ ਦੇਖਭਾਲ ਗਲੀ ਮੁਹੱਲੇ ਵਾਲੇ ਹੀ ਕਰਦੇ ਸਨ ਗੱਲਬਾਤ ਕਰਦੇ ਹੋਏ ਮਾਤਾ ਜੀ ਤੋਂ ਬਾਅਦ ਪਤਾ ਲੱਗਾ ਹੈ ਕਿ ਇਹ ਮਾਤਾ ਲੋਕਾਂ ਦੇ ਘਰ ਮੰਗ ਕੇ ਗੁਜ਼ਾਰਾ ਕਰਦੀ



ਸੀ। ਉਹਨਾਂ ਨੇ ਕਿਹਾ ਕਿ ਹੁਣ ਮੈਂ ਚੱਲਣ ਵਿੱਚ ਅਸਮਰਥ ਹਾਂ। ਅਤੇ ਮੇਰੀ ਸਿਹਤ ਵੀ ਤੰਦਰੁਸਤ ਨਹੀਂ ਹੈ ਦੇਖਣ ਵਿੱਚ ਵੀ ਮੈਨੂੰ ਧੁੰਦਲਾ ਦਿਖਾਈ ਦਿੰਦਾ ਹੈ। ਉਮਰ ਜਿਆਦਾ ਹੋਣ ਕਰਕੇ ਮੈਂ ਆਪਣੇ ਆਪ ਨੂੰ ਨਹੀਂ ਸੰਭਾਲ ਸਕਦੀ। ਅਸੀ ਹੁਣ ਤੁਹਾਡੇ ਬ੍ਰਿਧ ਘਰ ਵਿੱਚ ਬਹੁਤ ਉਮੀਦ ਕਰਕੇ ਆਏ ਹਾਂ ਕਿ ਇਹਨਾਂ ਨੂੰ ਤੁਹਾਡੇ ਸਹਾਰੇ ਦੀ ਜਰੂਰਤ ਹੈ। ਸਾਡੀ ਆਪ ਜੀ ਨੂੰ ਹੱਥ ਬਣ ਕੇ ਨਿਮਰਤਾ ਸਹਿਤ ਬੇਨਤੀ ਹੈ ਕਿ ਮਾਤਾ ਜੀ ਨੂੰ ਸਹਾਰਾ ਦਿੱਤਾ ਜਾਵੇ। ਤਾਂ ਜੋ ਮਾਤਾ ਆਪਣੇ ਜ਼ਿੰਦਗੀ ਦਾ ਅਗਲਾ ਸਫਰ ਇੱਥੇ ਬਤੀਤ ਕਰ ਸਕੇ। ਸਾਰੀ ਗੱਲਬਾਤ ਸੁਣਨ ਤੋਂ ਬਾਅਦ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਜੀ ਨੇ ਕਿਹਾ ਕਿ ਘਬਰਾਉਣ ਦੀ ਲੋੜ ਨਹੀਂ ਹੈ ਜੇਕਰ ਪਰਮਾਤਮਾ ਇੱਕ ਦਰਵਾਜ਼ਾ ਬੰਦ ਕਰਦਾ ਹੈ ਅਤੇ ਦੂਸਰਾ ਉਹ ਆਪ ਹੀ ਖੋਲਦਾ ਹੈ। ਜੋ ਕੁੱਝ ਵੀ ਇਹਨਾਂ ਨਾਲ ਹੋਇਆ ਹੈ ਇਹ ਸਭ ਕੁੱਝ ਪਹਿਲਾਂ ਤੋਂ ਹੀ ਤੈਅ ਹੈ ਅਸੀਂ ਆਪਣੇ ਪਿਛਲੇ ਕਰਮਾਂ ਦਾ ਹੀ ਸਭ ਭੋਗ ਰਹੇ ਹੈ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਜੀ ਅਤੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ ਜੀ ਨੇ ਸਾਰੀ ਗੱਲਬਾਤ ਸੁਣਨ ਤੋਂ ਬਾਅਦ ਨੇ ਮਾਤਾ ਜੀ ਨੂੰ ਬਿਰਧ ਘਰ ਵਿੱਚ ਰਹਿਣ ਦੀ ਆਗਿਆ ਦੇ ਦਿੱਤੀ। ਇਸ ਮੌਕੇ ਤੇ ਪ੍ਰਧਾਨ ਸਤਨਾਮ ਸਿੰਘ ਜੀ ਅਤੇ ਆਸ਼ਰਮ ਸਮੂਹ ਸਟਾਫ ਸਵੀਤਾ, ਰੂਪ ਰਾਣੀ ,ਰਾਜ ਰਾਣੀ ,ਰਮੇਸ਼ ਚੰਦਰ, ਕਮਲੇਸ਼, ਬਲਦੇਵ ਰਾਜ ,ਕਿਰਣ ਕੁਮਾਰ ,ਆਦਿ ਮੌਜੂਦ ਸਨ।

# ਡਾ . ਉਬਰਾਏ ਵੱਲੋ ਮਨੁੱਖਤਾ ਨੂੰ ਬਚਾਉਣ ਲਈ ਕੀਤੇ ਜਾ ਰਹੇ ਹਨ ਲਾਮਿਸਾਲ ਨੇਕ ਕਾਰਜ : ਅੰਮ੍ਰਿਤ ਕਲਸੀ

## ‘ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ’ ਨੇ ਲੋੜਵੰਦਾਂ ਨੂੰ ਵੰਡੇ ਪੈਨਸ਼ਨ ਦੇ ਚੈੱਕ

ਸੋਨੂ

ਬਟਾਲਾ , ਦੇਸ਼ ਵਿਦੇਸ਼ ਦੇ ਅੰਦਰ ਸਮਾਜ ਸੇਵਾ ਦੇ ਖੇਤਰ ’ਚ ਆਪਣੀ ਵਿਲੱਖਣ ਪਹਿਚਾਣ ਬਣਾ ਚੁੱਕੀ ਉਘੀ ਸਮਾਜ ਸੇਵੀ ਸ਼ਖਸ਼ੀਅਤ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਅਤੇ ਦੁਬਈ ਦੇ ਉੱਘੇ ਸਿੱਖ ਸਰਦਾਰ ਕਾਰੋਬਾਰੀ ਡਾ. ਐੱਸ. ਪੀ. ਸਿੰਘ ਓਬਰਾਏ ਦੀ ਯੋਗ ਸਰਪ੍ਰਸਤੀ ਹੇਠ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਜਨਰਲ ਸਕੱਤਰ ਰਜਿੰਦਰ ਸਿੰਘ ਹੈਪੀ, ਸਲਾਹਕਾਰ ਐਡਵੋਕੇਟ ਹਰਸ਼ਮੀਤ ਸਿੰਘ ਅਤੇ ਸਮੂਹ ਟੀਮ ਮੈਂਬਰਾਂ ਵੱਲੋਂ ਵਿਧਵਾ ਔਰਤਾਂ , ਅੰਗਹੀਣਾਂ , ਗਰੀਬਾਂ , ਬੇਸਹਾਰਾ ਅਤੇ ਲੋੜਵੰਦਾਂ ਨੂੰ ਪੈਨਸ਼ਨਾਂ ਦੇ ਚੈੱਕ ਵੰਡਣ ਲਈ ਸਥਾਨਕ ਮਹਾਰਾਜਾ ਜੱਸਾ ਸਿੰਘ ਰਾਮਗੜੀਆ ਹਾਲ ਵਿਖੇ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਬਟਾਲਾ ਦੇ ਵਿਧਾਇਕ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਵਰਕਿੰਗ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਛੋਟੇ ਭਰਾ ਅੰਮ੍ਰਿਤ ਕਲਸੀ ਪਹੁੰਚੇ। ਲੋੜਵੰਦਾਂ ਨੂੰ ਪੈਨਸ਼ਨਾਂ ਦੇ ਚੈਕ ਭੇਂਟ ਕਰਦਿਆ ਅੰਮ੍ਰਿਤ ਕਲਸੀ ਨੇ ਕਿਹਾ ਕਿ ਡਾ. ਐੱਸ. ਪੀ. ਸਿੰਘ ਓਬਰਾਏ ਵੱਲੋਂ ਆਪਣੀ ਨੇਕ ਕਿਰਤ ਕਮਾਈ ਦਾ 98 ਫੀਸਦੀ ਹਿੱਸਾ ਗਰੀਬਾਂ ਅਤੇ



ਲੋੜਵੰਦਾਂ ਦੀ ਭਲਾਈ ਵਾਸਤੇ ਖਰਚ ਕੀਤਾ ਜਾ ਰਿਹਾ ਹੈ। ਜਦ ਕਿ ਮਨੁੱਖਤਾ ਨੂੰ ਬਚਾਉਣ ਅਤੇ ਇਨਸਾਨੀਅਤ ਦੀਆਂ ਕਦਰਾਂ ਕੀਮਤਾਂ ਨੂੰ ਹੋਰ ਉੱਚਾ ਚੁੱਕਣ ਦੇ ਲਈ ਡਾ. ਉਬਰਾਏ ਵੱਲੋਂ ਦੇਸ਼-ਵਿਦੇਸ਼ ਦੇ ਅੰਦਰ ਬਹੁਤ ਹੀ ਨੇਕ ਤੇ ਸ਼ਲਾਘਾਯੋਗ ਕਾਰਜ ਕੀਤੇ ਜਾ ਰਹੇ ਹਨ। ਅੰਮ੍ਰਿਤ ਕਲਸੀ ਨੇ ਕਿਹਾ ਕਿ ਡਾ. ਉਬਰਾਏ ਦੀ ਯੋਗ ਰਹਿਨੁਮਾਈ ਹੇਠ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਜਨਰਲ ਸਕੱਤਰ ਰਜਿੰਦਰ ਸਿੰਘ ਹੈਪੀ ਅਤੇ ਉਹਨਾਂ ਦੀ ਸਮੁੱਚੀ ਟੀਮ ਬਹੁਤ ਹੀ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਨਿਭਾਅ ਰਹੀ ਹੈ।

ਉਨਾਂ ਨੇ ਕਿਹਾ ਕਿ ਡਾ. ਐਸ. ਪੀ. ਸਿੰਘ ਉਬਰਾਏ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਰਾਹੀਂ ਜਾਤ ਪਾਤ ਅਤੇ ਹੱਦਾਂ ਸਰਹੱਦਾਂ ਤੋਂ ਉੱਪਰ ਉੱਠ ਕੇ ਇਨਸਾਨੀਅਤ ਅਤੇ ਮਨੁੱਖਤਾ ਨੂੰ ਬਚਾਉਣ ਲਈ ਲਾਮਿਸਾਲ ਕਾਰਜ ਕੀਤੇ ਜਾ ਰਿਹੇ ਹਨ । ਅੰਮ੍ਰਿਤ ਕਲਸੀ ਨੇ ਕਿਹਾ ਕਿ ਪੰਜਾਬ ਚ ਆਏ ਹੜ ਦੇ ਕਾਰਨ ਬਣੀ ਸੰਕਟ ਦੀ ਘੜੀ ਵਿੱਚ ਡਾ. ਐਸ. ਪੀ. ਸਿੰਘ ਉਬਰਾਏ ਵੱਲੋਂ ਹੜ ਪੀੜਤਾਂ ਦੀ ਹਰ ਪ੍ਰਕਾਰ ਦੇ ਨਾਲ ਦਿਲ ਖੋਲ ਕੇ ਸਹਾਇਤਾ ਕੀਤੀ ਜਾ ਰਹੀ ਹੈ। ਜਦਕਿ ਜ਼ਿਲ੍ਹਾ ਗੁਰਦਾਸਪੁਰ ਦੇ ਅੰਦਰ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਅਤੇ ਉਹਨਾਂ ਦੀ ਟੀਮ ਹੜ ਪੀੜਤਾਂ ਦੀ ਸੇਵਾ ਵਿੱਚ ਦਿਨ ਰਾਤ ਲੱਗੀ ਹੋਈ ਹੈ । ਇਸ ਦੌਰਾਨ ਪੈਨਸ਼ਨਾਂ ਦੇ ਚੈਕ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੇ ਡਾ. ਐਸ. ਪੀ. ਸਿੰਘ ਉਬਰਾਏ ਦਾ ਧੰਨਵਾਦ ਵੀ ਕੀਤਾ । ਇਸ ਮੌਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਟਰੱਸਟ ਦੇ ਜਨਰਲ ਸੈਕਟਰੀ ਰਜਿੰਦਰ ਸਿੰਘ ਹੈਪੀ, ਐਡਵੋਕੇਟ ਹਰਸ਼ਮੀਤ ਸਿੰਘ, ਰੋਹਿਤ ਕੁਮਾਰ, ਜੋਧਵੀਰ ਸਿੰਘ, ਕੇਵਲ ਕੁਮਾਰ ਤੇ ਹੋਰ ਵੀ ਆਗੂ ਹਾਜਰ ਸਨ।

# ਦੀਨਾਨਗਰ ਸ਼ਹਿਰ ਦੇ ਦਰਜਨ ਤੋਂ ਵਧੇਰੇ ਪਰਿਵਾਰ ਆਪ ਵਿੱਚ ਸ਼ਾਮਿਲ

ਸੋਨੂ, ਰਵਿੰਦਰ

ਦੀਨਾਨਗਰ- ਦੀਨਾਨਗਰ ਸ਼ਹਿਰ ਦੇ ਵਾਰਡ ਨੰਬਰ 13 ਵਿਖੇ ਆਮ ਆਦਮੀ ਪਾਰਟੀ ਦੀ ਇੱਕ ਭਰਵੀਂ ਮੀਟਿੰਗ ਪਾਰਟੀ ਦੇ ਨੌਜਵਾਨ ਆਗੂਆਂ ਸੰਨੀ ਭੋਗਲ ਅਤੇ ਰੁਦਰਾ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਉਚੇਚੇ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਦੌਰਾਨ ਵਾਰਡ ਦੀਆਂ ਸਮੱਸਿਆਵਾਂ ਤੇ ਚਰਚਾ ਕੀਤੀ ਗਈ ਅਤੇ ਲੋਕਾਂ ਦੀਆਂ ਸਮੱਸਿਆਵਾਂ ਜਣਨ ਮਗਰੋਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਲੋਕਾਂ ਨੂੰ ਸਮੱਸਿਆਵਾਂ ਦੇ ਹੱਲ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਵਾਰਡ ਨੰਬਰ 13 ਨਾਲ ਸੰਬੰਧਿਤ ਕਈ ਪਰਿਵਾਰਾਂ ਨੇ ਵੱਖ-ਵੱਖ ਪਾਰਟੀਆਂ ਛੱਡ ਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਜਿਨ੍ਹਾਂ ਵਿੱਚ ਮੁੱਖ ਤੌਰ ਤੇ ਲੱਖਾ, ਕਮਲ, ਕੰਨੂ, ਬੰਟੀ ਮਹਾਜਨ, ਟਿੰਕੂ, ਸੰਜੀਵ ਕੁਮਾਰ, ਮੋਹਿਤ, ਰਮਾ ਬਾਲਾ, ਦਿਵਿਆ, ਸਪਨਾ ਕੁਮਾਰੀ, ਕਮਲੀ, ਨੀਤੂ ਬਾਲਾ, ਨਿਸ਼ਾ ਮਲਹੋਤਰਾ ਅਤੇ ਸੁਰੇਸ਼ ਕੁਮਾਰੀ ਦੇ ਨਾਂ ਸ਼ਾਮਲ ਹਨ। ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਦਾ ਹਲਕਾ ਇੰਚਾਰਜ ਸ਼ਮਸ਼ੇਰ



ਸਿੰਘ ਨੇ ਸਵਾਗਤ ਕਰਦਿਆਂ ਉਹਨਾਂ ਨੂੰ ਪਾਰਟੀ ਅੰਦਰ ਪੂਰੇ ਮਾਨ ਸਨਮਾਨ ਦਾ ਭਰੋਸਾ ਦਿੱਤਾ। ਇਸ ਮੌਕੇ ਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਆਪਣੀ ਪਾਰਟੀ ਹੈ ਜਿਸ ਵਿੱਚ ਛੋਟੇ ਤੋਂ ਲੈ ਕੇ ਵੱਡੇ ਵਰਕਰ ਨੂੰ ਬਰਾਬਰ ਦਾ ਮਾਣ ਸਨਮਾਨ ਦਿੱਤਾ ਜਾਂਦਾ ਹੈ। ਉਹਨਾਂ ਕਿਹਾ ਕਿ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਡੇ ਪੱਧਰ ਤੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕਰ ਰਹੇ ਹਨ। ਅਜੇ ਵੀ ਲੋਕ ਚੱਜ ਦੀਆਂ ਗਲੀਆਂ ਨਾਲੀਆਂ ਨੂੰ ਤਰਸ ਰਹੇ- ਸ਼ਮਸ਼ੇਰ ਸਿੰਘ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਲੋਕਾਂ ਦੇ ਸੱਦੇ ਉੱਤੇ ਦੀਨਾਨਗਰ ਦੇ ਵਾਰਡ ਨੰਬਰ 13 ਦੀ ਗੁੱਜਰਾਂ ਗਲੀ ਦਾ ਦੌਰਾ ਕੀਤਾ ਗਿਆ। ਜਿੱਥੇ ਲੋਕਾਂ ਨੇ ਉਹਨਾਂ ਨੂੰ ਗਲੀਆਂ, ਨਾਲੀਆਂ, ਸੀਵਰੇਜ ਤੇ ਵਾਟਰ ਸਪਲਾਈ ਦੀਆਂ ਸਮੱਸਿਆਵਾਂ ਤੋਂ ਜਾਣੂੰ ਕਰਵਾਇਆ। ਜਿਸ ਮਗਰੋਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਉੱਚ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਵੱਲੋਂ ਤੁਰੰਤ ਧਿਆਨ ਦੇਣ ਲਈ ਕਿਹਾ ਅਤੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਹਨਾਂ ਦੀਆਂ ਮੁਸ਼ਕਲਾਂ ਦਾ ਜਲਦੀ ਹੱਲ ਹੋਵੇਗਾ। ਉਹਨਾਂ ਹਲਕੇ ਦੀ ਕਾਂਗਰਸੀ ਵਿਧਾਇਕਾ ਉੱਪਰ ਤੰਜ ਕਸਦਿਆਂ ਕਿਹਾ ਕਿ ਉਂਝ ਤਾਂ ਕਾਂਗਰਸੀ ਵਿਧਾਇਕਾ ਅਤੇ ਉਹਨਾਂ ਦੇ ਪਤੀ ਵਿਕਾਸ ਦੇ ਦਾਅਵੇ ਕਰਦੇ ਨਹੀਂ ਥੱਕਦੇ ਜਦੋਂਕਿ ਹਕੀਕਤ ਵਿੱਚ ਲੋਕ ਅਜੇ ਵੀ ਨਰਕ ਭਰਿਆ ਜੀਵਨ ਬਤੀਤ ਕਰਨ ਨੂੰ ਮਜਬੂਰ ਹਨ ਅਤੇ ਚੱਜ ਦੀਆਂ ਗਲੀਆਂ ਨਾਲੀਆਂ ਨੂੰ ਤਰਸ ਰਹੇ ਹਨ।

ਉਹਨਾਂ ਕਿਹਾ ਕਿ ਕਾਂਗਰਸ ਦੇ ਕਬਜੇ ਹੇਠਲੀ ਨਗਰ ਕੌਂਸਲ ਪੂਰੀ ਤਰ੍ਹਾਂ ਘੂਕ ਨੀਂਦੇ ਸੁੱਤੀ ਹੋਈ ਹੈ, ਜਿਸਨੂੰ ਸ਼ਹਿਰ ਦੇ ਲੋਕਾਂ ਦੀ ਕੋਈ ਪਰਵਾਹ ਨਹੀਂ ਹੈ।

# ਬਰਿੰਦਰ ਗੋਇਲ ਵੱਲੋਂ ਸਦਨ ’ਚ 20 ਹਜ਼ਾਰ ਕਰੋੜ ਦੇ ਵਿਸ਼ੇਸ਼ ਪੈਕੇਜ ਦੀ ਮੰਗ ਅਤੇ ਕੇਂਦਰ ਦੇ ਲਾਪ੍ਰਵਾਹੀ ਤੇ ਮਤਰੇਈ ਮਾਂ ਵਾਲੇ ਰਵੱਈਏ ਦੀ ਨਿੰਦਾ ਦਾ ਮਤਾ ਪੇਸ਼

## ਕਿਹਾ, ਪ੍ਰਧਾਨ ਮੰਤਰੀ ਵੱਲੋਂ ਐਲਾਨਿਆ ਪੈਕੇਜ ਮਹਿਜ਼ ਖਾਨਾਪੂਰਤੀ; ਪੰਜਾਬ ਦੀਆਂ ਕੁਰਬਾਨੀਆਂ ਨੂੰ ਅਣਗੌਲਿਆ ਕੀਤਾ ਗਿਆ

ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਮਤਾ ਪੇਸ਼ ਕਰਦਿਆਂ ਸੂਬੇ ਭਰ ਵਿੱਚ ਹੜ੍ਹ ਪ੍ਰਭਾਵਿਤ ਪਰਿਵਾਰਾਂ, ਕਿਸਾਨਾਂ ਅਤੇ ਬੁਨਿਆਦੀ ਢਾਂਚੇ ਦੀ ਬਹਾਲੀ ਲਈ ਕੇਂਦਰ ਤੋਂ 20,000 ਕਰੋੜ ਰੁਪਏ ਦੇ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ। ਸਦਨ ਵਿੱਚ ÷ਪੰਜਾਬ ਦਾ ਪੁਨਰਵਾਸ÷ ਮਤੇ ’ਤੇ ਵਿਸਤਾਰਪੂਰਵਕ ਵੇਰਵੇ ਸਾਂਝੇ ਕਰਦਿਆਂ ਕੈਬਨਿਟ ਮੰਤਰੀ ਨੇ ਪੰਜਾਬ ਪ੍ਰਤੀ ਕੇਂਦਰ ਸਰਕਾਰ ਦੇ ਉਦਾਸੀਨ ਰਵੱਈਏ ਦੀ ਸਖ਼ਤ ਨਿਖੇਧੀ ਕੀਤੀ ਅਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਐਲਾਨੇ ਗਏ



ਰਾਹਤ ਪੈਕੇਜ ਨੂੰ ਖਾਨਾਪੂਰਤੀ ਵਾਲਾ, ਅਸਲ ਸਹਾਇਤਾ ਦੀ ਬਜਾਏ ਮਹਿਜ਼ ਮਾਮੂਲੀ ਖ਼ਰਚਿਆਂ ਦੀ ਪੂਰਤੀ ਵਾਲਾ ਅਤੇ ਇੱਕ ਦਿਖਾਵਾ ਮਾਤਰ ਕਰਾਰ ਦਿੱਤਾ। ਕੈਬਨਿਟ ਮੰਤਰੀ ਨੇ ਦੇਸ਼ ਵਾਸੀਆਂ ਨੂੰ ਚੇਤੇ ਕਰਵਾਇਆ ਕਿ ਕਿਵੇਂ ਪੰਜਾਬ ਹਮੇਸ਼ਾ ਦੇਸ਼ ਦੀ ਸੇਵਾ ਵਿੱਚ ਡਟਿਆ ਰਿਹਾ, ਭਾਰਤ ਦੇ ਅੰਨ ਭੰਡਾਰ ਵਜੋਂ ਦੇਸ਼ ਨੂੰ ਭੋਜਨ ਦਿੰਦਾ ਆ ਰਿਹਾ ਹੈ ਅਤੇ ਕਿਵੇਂ ਜੰਗਾਂ ਦੌਰਾਨ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦਾ ਰਿਹਾ ਅਤੇ ਕੌਮੀ ਸੰਕਟਾਂ ਦੌਰਾਨ ਬੇਮਿਸਾਲ ਕੁਰਬਾਨੀਆਂ ਦਿੰਦਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਹੈ ਕਿ ਕੇਂਦਰ ਨੇ ਉਸ ਵੇਲੇ ਪੰਜਾਬ ਨੂੰ ਅੱਖੋਂ-ਪਰੋਖੇ ਕੀਤਾ ਜਦੋਂ ਇਹ ਸੂਬਾ ਆਪਣੇ ਇਤਿਹਾਸ ਦੀਆਂ ਸਭ ਤੋਂ ਵੱਡੀਆਂ ਕੁਦਰਤੀ ਆਫ਼ਤਾਂ ਵਿੱਚੋਂ ਇੱਕ ਦਾ ਸਾਹਮਣਾ ਕਰ ਰਿਹਾ ਹੈ।

# ਜਗਰੂਪ ਸਿੰਘ ਸੇਖਵਾਂ ਨੇ ਕਾਦੀਆਂ ਹਲਕੇ ਦੇ ਪਿੰਡ ਬੱਲ ਤੋਂ ਚੱਕ ਦੀਪੇਵਾਲ, ਕੰਗ ਤੋਂ ਬੱਲ, ਡਡਵਾਂ ਅਤੇ ਬਦੇਸ਼ਾ ਤੋਂ ਸਿੰਘਪੁਰਾ ਤੱਕ ਸੜਕਾਂ ਦੀ ਮੁਰੰਮਤ ਦੇ ਨੀਂਹ ਪੱਥਰ ਰੱਖੇ

## ਵਿਕਾਸ ਪੱਖੋਂ ਵਿਧਾਨ ਸਭਾ ਹਲਕਾ ਕਾਦੀਆਂ ਨੂੰ ਬਣਾਇਆ ਜਾ ਰਿਹਾ ਹੈ ਮੋਹਰੀ - ਜਗਰੂਪ ਸਿੰਘ ਸੇਖਵਾਂ

ਮਨਦੀਪ ਕੌਰ

ਕਾਹਨੂੰਵਾਨ/ਗੁਰਦਾਸਪੁਰ, - ਵਿਧਾਨ ਸਭਾ ਹਲਕਾ ਕਾਦੀਆਂ ਵਿੱਚ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਂਦੇ ਹੋਏ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਅੱਜ ਪਿੰਡ ਬੱਲ ਤੋਂ ਚੱਕ ਦੀਪੇਵਾਲ, ਕੰਗ ਤੋਂ ਬੱਲ, ਡਡਵਾਂ ਅਤੇ ਬਦੇਸ਼ਾ ਤੋਂ ਸਿੰਘਪੁਰਾ ਤੱਕ ਸੜਕਾਂ ਦੀ ਮੁਰੰਮਤ ਦੇ ਨੀਂਹ ਪੱਥਰ ਰੱਖੇ ਗਏ। ਇਸ ਮੌਕੇ ਇਲਾਕਾ ਨਿਵਾਸੀਆਂ ਨਾਲ ਗੱਲ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਵਿੱਚ ਤਿੰਨ ਮਾਰਕਿਟ ਕਮੇਟੀਆਂ ਕਾਹਨੂੰਵਾਨ, ਕਾਦੀਆਂ ਅਤੇ ਧਾਰੀਵਾਲ ਪੈਂਦੀਆਂ ਹਨ ਅਤੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਤਿੰਨਾਂ ਮਾਰਕਿਟ ਕਮੇਟੀਆਂ ਅਧੀਨ ਆਉਂਦੀਆਂ ਪੇਂਡੂ ਸੰਪਰਕ ਸੜਕਾਂ ਦੀ ਮੁਰੰਮਤ ਲਈ 100 ਕਰੋੜ ਰੁਪਏ ਮਨਜ਼ੂਰ



ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਅੱਜ ਹਲਕੇ ਦੇ ਪਿੰਡ ਬੱਲ ਤੋਂ ਚੱਕ ਦੀਪੇਵਾਲ, ਕੰਗ ਤੋਂ ਬੱਲ, ਡਡਵਾਂ ਅਤੇ ਬਦੇਸ਼ਾ ਤੋਂ ਸਿੰਘਪੁਰਾ ਤੱਕ ਦੀਆਂ ਸੰਪਰਕ ਸੜਕਾਂ ਦੀ ਮੁਰੰਮਤ ਦੇ ਨੀਂਹ ਪੱਥਰ ਰੱਖੇ ਗਏ ਹਨ ਅਤੇ ਇਨ੍ਹਾਂ ਸੜਕਾਂ ਦੀ ਮੁਰੰਮਤ ਕਰਨ ਦੇ ਨਾਲ ਇਨ੍ਹਾਂ ਨੂੰ ਚੌੜਾ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੜਕਾਂ ਦੀ ਮੁਰੰਮਤ ਦੌਰਾਨ ਇਸ ਦੀ ਗੁਣਵੱਤਾ ਦਾ ਖ਼ਾਸ ਖ਼ ?ਆਲ ਰੱਖਿਆ ਜਾ ਰਿਹਾ ਹੈ ਅਤੇ 5 ਸਾਲ ਤੱਕ ਸੜਕ ਦੇ ਰੱਖ-ਰਖਾਅ ਦੀ ਜ਼ਿੰਮੇਵਾਰੀ ਵੀ ਠੇਕੇਦਾਰ ਹੀ ਹੋਵੇਗੀ। ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਦੱਸਿਆ ਕਿ ਧਾਰੀਵਾਲ ਸ਼ਹਿਰ ਦੇ ਵਾਟਰ ਸਪਲਾਈ ਤੇ ਸੀਵਰੇਜ ਉੱਪਰ 75 ਕਰੋੜ ਰੁਪਏ ਖ਼ਰਚ ਕੀਤੇ ਜਾਣਗੇ। ਇਸੇ ਤਰ੍ਹਾਂ ਹੀ ਕਾਦੀਆਂ ਸ਼ਹਿਰ ਵਿੱਚ ਵੀ ਵਾਟਰ ਸਪਲਾਈ ਤੇ ਸੀਵਰੇਜ ਉੱਪਰ 75 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਹਲਕੇ ਵਿੱਚ ਸਰਕਾਰੀ ਸਕੂਲਾਂ ਉੱਪਰ ਸਿੱਖਿਆ ਕ੍ਰਾਂਤੀ ਤਹਿਤ 60 ਕਰੋੜ ਰੁਪਏ ਖ਼ਰਚ ਕੀਤੇ ਗਏ ਹਨ। ਇਸ ਤੋਂ ਇਲਾਵਾ ਹਲਕੇ ਵਿੱਚ 25 ਖੇਡ ਸਟੇਡੀਅਮ ਮਨਜ਼ੂਰ ਕੀਤੇ ਗਏ ਹਨ ਜਿਨ੍ਹਾਂ ਉੱਪਰ ਕਰੋੜਾਂ ਰੁਪਏ ਖ਼ਰਚ ਕੀਤੇ ਜਾਣਗੇ।



# ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਇੱਕ ਰੋਜ਼ਾ ਇੰਟਰਪਿਨਓਰਮੈਂਟ ਡਿਵੈਲਪਮੈਂਟ ਪ੍ਰੋਗਰਾਮ ਦਾ ਆਯੋਜਿਨ

ਐਸ. ਕੇ. ਸਕਸੈਨਾ

ਗੁਰਦਾਸਪੁਰ, - ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਅੱਜ ਇੰਸਟੀਟਿਊਸ਼ਨਲ ਇਨੋਵੇਸ਼ਨ ਕੌਂਸਲ ਅਤੇ ਇੰਟਰਨਲ ਕੁਆਲਿਟੀ ਐਸਇਓਰੈਂਸ ਸੈੱਲ ਵੱਲੋਂ ਇੱਕ ਦਿਨ ਦਾ ਇੰਟਰਪਿਨਓਰਮੈਂਟ ਡਿਵੈਲਪਮੈਂਟ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਯੂਨੀਵਰਸਿਟੀ ਗਰਾਂਟਸ ਕਮਿਸ਼ਨ ਦੇ ਸਾਬਕਾ ਸਕੱਤਰ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸਾਬਕਾ ਵਾਈਸ ਚਾਂਸਲਰ, ਮੌਜੂਦਾ ਪੰਜਾਬ ਦੇ ਰਾਜਪਾਲ ਦੇ ਉੱਚ ਸਿੱਖਿਆ ਸਲਾਹਕਾਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਜਸਪਾਲ ਸਿੰਘ ਸੰਧੂ ਨੇ ਕੀਤੀ। ਪ੍ਰੋਫੈਸਰ ਜਸਪਾਲ ਸਿੰਘ ਸੰਧੂ ਨੇ ਸਰਕਾਰੀ ਕਾਲਜ ਗੁਰਦਾਸਪੁਰ ਦੇ ਪ੍ਰਿੰਸੀਪਲ ਪ੍ਰੋ. ਅਸ਼ਵਨੀ ਭੱਲਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਦੀ ਕ੍ਰੀਏਟਿਵ ਸੋਚ ਅਤੇ ਨਵੀਂ ਸੋਚ ਨੂੰ ਉਭਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਡੀਨ ਡਾ. ਸੌਰਭ ਲਖਨਪਾਲ ਨੇ ਸਟਾਰਟ ਅੱਪ ਈਕੋਸਿਸਟਮ ਵਿਸ਼ੇ ’ਤੇ ਵਿਦਿਆਰਥੀਆਂ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਨਵੇਂ ਸਟਾਰਟ ਅੱਪ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ। ਸਹਾਇਕ ਡੀਨ ਐੱਲ.ਪੀ.ਯੂ ਸ੍ਰੀ ਮਨਦੀਪ ਸਿੰਘ ਨੇ ਪ੍ਰੋਟੋਟਾਈਪਿੰਗ ਬਾਰੇ ਜਾਣਕਾਰੀ ਦਿੱਤੀ ਅਤੇ ਰਾਜਵੀਰ ਕਲਸੀ ਸਟਾਰਟ ਅੱਪ ਇੰਡੀਆ ਸਕੀਮ ਬਾਰੇ ਵਿਸਥਾਰ ਨਾਲ ਦੱਸਿਆ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਸਟਾਰਟ ਅੱਪ ਇੰਡੀਆ, ਸਟੈਂਡ ਅੱਪ ਇੰਡੀਆ, ਐੱਮ.ਐੱਸ.ਐੱਮ.ਈ. ਇਨੋਵੇਸ਼ਨ ਸਕੀਮ ਅਤੇ ਪੰਜਾਬ ਸਟਾਰਟ ਅੱਪ ਮਿਸ਼ਨ ਵਰਗੀਆਂ ਯੋਜਨਾਵਾਂ ਬਾਰੇ ਵੀ ਜਾਣੂ ਕਰਵਾਇਆ ਗਿਆ। ਪ੍ਰਿੰਸੀਪਲ ਪ੍ਰੋ. ਅਸ਼ਵਨੀ ਭੱਲਾ ਨੇ ਕਿਹਾ ਕਿ ਉਦਯੋਗਪਤੀ ਸਿਰਫ਼ ਰੋਜ਼ਗਾਰ ਦਾ ਸਾਧਨ ਨਹੀਂ, ਸਗੋਂ ਦੇਸ਼ ਦੀ ਆਰਥਿਕਤਾ ਅਤੇ ਸਮਾਜਕ ਵਿਕਾਸ ਲਈ ਇੱਕ ਨਵੀਂ ਦਿਸ਼ਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਕਾਲਜ ਗੁਰਦਾਸਪੁਰ ਹਮੇਸ਼ਾਂ ਵਿਦਿਆਰਥੀਆਂ ਨੂੰ ਨਵੀਂ ਸੋਚ ਅਤੇ ਉਦਯੋਗੀ ਮਨੋਬਿਰਤੀ ਵਿਕਸਤ ਕਰਨ ਲਈ ਉਤਸ਼ਾਹਿਤ ਕਰਦਾ ਰਹੇਗਾ।

# ਗੁਰਦਾਸਪੁਰ ਸ਼ਹਿਰ ਦੇ ਕੂੜੇ ਦੀ ਸਮੱਸਿਆ ਦਾ ਪੱਕਾ ਹੱਲ ਕਰਨ ਲਈ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਹੱਥ ਵਧਾਇਆ

**ਨਗਰ ਸੁਧਾਰ ਟਰੱਸਟ ਗੁਰਦਾਸਪੁਰ ਸ਼ਹਿਰ ਦੇ ਕੂੜਾ ਪ੍ਰਬੰਧਨ ਪ੍ਰੋਜੈਕਟ ਲਈ ਜ਼ਮੀਨ ਖ਼ਰੀਦ ਕੇ ਦੇਣ ਲਈ ਤਿਆਰ**

ਸੋਨੂ

ਗੁਰਦਾਸਪੁਰ, - ਗੁਰਦਾਸਪੁਰ ਸ਼ਹਿਰ ਦੇ ਕੂੜੇ ਦੀ ਸਮੱਸਿਆ ਦੇ ਪੱਕੇ ਹੱਲ ਲਈ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਸ੍ਰੀ ਰਾਜੀਵ ਸ਼ਰਮਾ ਨੇ ਹੱਥ ਵਧਾਇਆ ਹੈ। ਚੇਅਰਮੈਨ ਰਾਜੀਵ ਸ਼ਰਮਾ ਨੇ ਇੱਕ ਵਾਰ ਫਿਰ ਇਹ ਦੁਹਰਾਇਆ ਹੈ ਕਿ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਆਪਣੇ ਸ਼ਹਿਰ ਦੇ ਕੂੜੇ ਦੇ ਪ੍ਰਬੰਧਨ ਲਈ ਬਣਾਏ ਜਾਣ ਵਾਲੇ ਸਾਲਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਲਈ 4 ਏਕੜ ਤੱਕ ਜ਼ਮੀਨ ਖ਼ਰੀਦ ਕੇ ਦੇਣ ਲਈ ਤਿਆਰ ਹੈ ਇਸ ਲਈ ਚਾਹੇ ਟਰੱਸਟ ਨੂੰ ਕਿੰਨੀ ਵੀ ਰਾਸ਼ੀ ਕਿਉਂ ਨਾ ਖ਼ਰਚਣੀ ਪਵੇ, ਉਹ ਖ਼ਰਚ ਕਰੇਗੀ। ਚੇਅਰਮੈਨ ਸ੍ਰੀ ਰਾਜੀਵ ਸ਼ਰਮਾ ਨੇ ਕਿਹਾ ਕਿ ਨਗਰ ਕੌਂਸਲ ਗੁਰਦਾਸਪੁਰ ਕੋਲ ਸ਼ਹਿਰ ਦੇ ਕੂੜੇ ਦੇ ਪ੍ਰਬੰਧਨ ਲਈ ਕੋਈ ਆਪਣੀ ਜਗ ?ਹਾ ਨਹੀਂ ਹੈ, ਜਿਸ ਕਾਰਨ ਕੂੜਾ ਨਾ ਚੁੱਕਿਆ ਜਾਣ ਕਾਰਨ ਅਕਸਰ ਹੀ ਸ਼ਹਿਰ ਵਿੱਚ ਕੂੜੇ ਦੇ ਢੇਰ ਲੱਗ ਜਾਂਦੇ ਹਨ। ਉਨ੍ਹਾਂ ਕਿਹਾ ਕਿ ਥਾਂ-ਥਾਂ ਖਿੱਲਰਿਆ ਕੂੜਾ ਜਿੱਥੇ ਬਿਮਾਰੀਆਂ ਨੂੰ ਸੱਦਾ ਦਿੰਦਾ ਹੈ ਓਥੇ ਇਹ ਸ਼ਹਿਰ ਦੀ ਖ਼ੂਬਸੂਰਤੀ ਨੂੰ ਵੀ ਦਾਗ਼ ਲਗਾਉਂਦਾ ਹੈ। ਉਨ੍ਹਾਂ ਕਿਹਾ ਕਿ ਜਿਉਂ-ਜਿਉਂ ਸਮਾਂ ਗੁਜ਼ਰ ਰਿਹਾ ਹੈ ਸ਼ਹਿਰ ਵਿੱਚ ਕੂੜੇ ਦੀ ਸਮੱਸਿਆ ਹੋਰ ਗੰਭੀਰ ਹੁੰਦੀ ਜਾ ਰਹੀ ਹੈ, ਇਸ ਲਈ ਇਸ ਦਾ ਜਲਦ ਹੱਲ ਕਰਨ ਦੀ ਜ਼ਰੂਰਤ ਹੈ। ਚੇਅਰਮੈਨ ਸ੍ਰੀ ਰਾਜੀਵ ਸ਼ਰਮਾ ਨੇ ਕਿਹਾ ਕਿ ਉਸ ਨੇ 10 ਅਪ੍ਰੈਲ 2023 ਨੂੰ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ ਸੀ। ਉਸ ਸਮੇਂ ਮਾਲੀ ਤੌਰ ’ਤੇ ਟਰੱਸਟ ਦੀ ਹਾਲਤ ਬਹੁਤ ਖ਼ਰਾਬ ਸੀ। ਉਨ੍ਹਾਂ ਨੇ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੂੰ ਮੁਨਾਫ਼ੇ ਵਿੱਚ ਲਿਆਉਣ ਲਈ ਪੂਰੀ ਮਿਹਨਤ ਤੇ ਇਮਾਨਦਾਰੀ ਨਾਲ ਕੰਮ ਕੀਤਾ ਅਤੇ ਟਰੱਸਟ ਮੁਨਾਫ਼ੇ ਵਿੱਚ ਆ ਗਈ। ਉਨ੍ਹਾਂ ਕਿਹਾ ਕਿ ਅੱਜ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਵੱਲੋਂ ਜਿੱਥੇ ਸ਼ਹਿਰ ਦਾ ਕਰੋੜਾਂ ਰੁਪਏ ਖ਼ਰਚ ਕੇ ਵਿਕਾਸ ਕੀਤਾ ਜਾ ਰਿਹਾ ਹੈ ਓਥੇ ਨਗਰ ਸੁਧਾਰ ਟਰੱਸਟ



ਬਟਾਲਾ ਨੂੰ ਕਰੋੜਾਂ ਰੁਪਏ ਦਾ ਕਰਜ਼ਾ ਵੀ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਵੱਲੋਂ ਵਿਕਾਸ ਦਾ ਘੇਰਾ ਵਧਾਉਂਦਿਆਂ ਹੁਣ ਗੁਰਦਾਸਪੁਰ ਦੇ ਨਾਲ ਲੱਗਦੇ ਪਿੰਡਾਂ ਵਿੱਚ ਵੀ ਵਿਕਾਸ ਕਾਰਜਾਂ ਉੱਪਰ 5.90 ਕਰੋੜ ਰੁਪਏ ਖ਼ਰਚੇ ਜਾ ਰਹੇ ਹਨ। ਸ੍ਰੀ ਰਾਜੀਵ ਸ਼ਰਮਾ ਨੇ ਕਿਹਾ ਕਿ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਹੁਣ ਮਾਲੀ ਤੌਰ ’ਤੇ ਏਨੀ ਕੁ ਸਮਰੱਥ ਹੈ ਕਿ ਉਹ ਆਪਣੇ ਸ਼ਹਿਰ ਦੀ ਕੂੜੇ ਦੀ ਸਮੱਸਿਆ ਨੂੰ ਪੱਕੇ ਤੌਰ ’ਤੇ ਹੱਲ ਕਰਨ ਲਈ ਕਰੋੜਾਂ ਰੁਪਏ ਖ਼ਰਚ ਕਰਕੇ ਸਾਲਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਲਈ ਜ਼ਮੀਨ ਖ਼ਰੀਦਣ ਲਈ ਵੀ ਤਿਆਰ ਹੈ। ਚੇਅਰਮੈਨ ਸ੍ਰੀ ਸ਼ਰਮਾ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਇਸ ਸਬੰਧੀ ਢੁਕਵੀਂ ਜ਼ਮੀਨ ਦੀ ਚੋਣ ਕਰਕੇ ਸਾਰੀ ਕਾਰਵਾਈ ਮੁਕੰਮਲ ਕਰ ਲੈਣ ਅਤੇ ਨਗਰ ਸੁਧਾਰ ਟਰੱਸਟ ਉਹ ਜ਼ਮੀਨ ਲੈ ਦੇਵੇਗਾ। ਚੇਅਰਮੈਨ ਸ੍ਰੀ ਰਾਜੀਵ ਸ਼ਰਮਾ ਨੇ ਕਿਹਾ ਕਿ ਉਹ ਗੁਰਦਾਸਪੁਰ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹਨ ਅਤੇ ਸ਼ਹਿਰ ਵਾਸੀਆਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਮਿਲਣ ਇਸ ਲਈ ਉਹ ਆਪਣੇ ਵੱਲੋਂ ਹਮੇਸ਼ਾਂ ਯਤਨਸ਼ੀਲ ਹਨ।

# ਭਗਵੰਤ ਮਾਨ ਸਰਕਾਰ ਦਾ ਇੱਕ ਹੋਰ ਲੋਕ ਪੱਖੀ ਫ਼ੈਸਲਾ -ਹਰ ਪੰਜਾਬੀ ਨੂੰ ਮਿਲੇਗਾ 10 ਲੱਖ ਰੁਪਏ ਦਾ ਨਕਦੀ ਰਹਿਤ ਸਿਹਤ ਬੀਮਾ ਕਵਰ : ਵਿਧਾਇਕ ਗੁਰਦੀਪ ਸਿੰਘ ਰੰਧਾਵਾ

**ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਦੇ ਨਕਦ ਰਹਿਤ ਇਲਾਜ ਲਈ ਰਜਿਸਟਰੇਸ਼ਨ ਪ੍ਰਕਿਰਿਆ ਦੀ ਰਸਮੀ ਸ਼ੁਰੂਆਤ**

ਸੋਨੂ, ਰਵਿੰਦਰ

ਡੇਰਾ ਬਾਬਾ ਨਾਨਕ/ਗੁਰਦਾਸਪੁਰ, - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਵਿਆਪਕ ਸਿਹਤ ਸੰਭਾਲ ਕਵਰੇਜ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ ‘ਮੁੱਖ ਮੰਤਰੀ ਸਿਹਤ ਯੋਜਨਾ’ ਲਈ ਰਜਿਸਟ ?ਰੇਸ਼ਨ ਪ੍ਰਕਿਰਿਆ ਦੀ ਰਸਮੀ ਸ਼ੁਰੂਆਤ ਕੀਤੀ, ਜਿਸ ਤਹਿਤ ਸੂਬੇ ਦੇ 3 ਕਰੋੜ ਨਿਵਾਸੀਆਂ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਇਲਾਜ ਮਿਲੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੇਰਾ ਬਾਬਾ ਨਾਨਕ ਦੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਇਸ ਰਜਿਸਟ ?ਰੇਸ਼ਨ ਪ੍ਰਕਿਰਿਆ ਦਾ ਆਨਲਾਈਨ ਉਦਘਾਟਨ ਰਾਜ ਸਿਹਤ ਏਜੰਸੀ (ਐੱਸ.ਐੱਚ.ਏ.) ਦਫ਼ਤਰ ਤੋਂ ਕੀਤਾ ਗਿਆ। ਇਹ ਪ੍ਰਾਜੈਕਟ ਫ਼ ?ਲਹਾਲ ਦੋ



ਜ਼ਿਲਿਆਂ ਤਰਨਤਾਰਨ ਅਤੇ ਬਰਨਾਲਾ ਤੋਂ ਸ਼ੁਰੂ ਕੀਤਾ ਗਿਆ ਹੈ। ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਪੰਜਾਬ ਦੇਸ ਦਾ ਪਹਿਲਾ ਸੂਬਾ ਬਣ ਗਿਆ ਹੈ ਜੋ ਹਰੇਕ ਨਾਗਰਿਕ ਨੂੰ ਬਿਨਾਂ ਕਿਸੇ ਆਮਦਨ ਸ਼ਰਤ ਦੇ 10 ਲੱਖ ਰੁਪਏ ਦਾ ਵਿਆਪਕ ਸਿਹਤ ਬੀਮਾ ਕਵਰ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋ ਜ਼ਿਲਿਆਂ ਦੇ ਤਜਰਬੇ ਦੇ ਆਧਾਰ ‘ਤੇ, ਰਜਿਸਟਰੇਸ਼ਨ ਮੁਹਿੰਮ ਨੂੰ ਤੇਜੀ ਨਾਲ ਸਮੁੱਚੇ ਸੂਬੇ ਵਿੱਚ ਲਾਗੂ ਕੀਤਾ ਜਾਵੇਗਾ। ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਅੱਗੇ ਦੱਸਿਆ ਕਿ ਇਹ ਯੋਜਨਾ ਸਿਹਤ ਸੰਭਾਲ ਲਈ ਆਮ ਲੋਕਾਂ ‘ਤੇ ਪੈਣ ਵਾਲੇ ਇਲਾਜ ਸੇਵਾਵਾਂ ਦੇ ਬੋਝ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਹੈ। ਇਸ ਯੋਜਨਾ ਤਹਿਤ ਲਾਭਪਾਤਰੀ ਸੂਬੇ ਭਰ ਦੇ ਸਾਰੇ ਸਰਕਾਰੀ ਹਸਪਤਾਲਾਂ ਅਤੇ 500 ਤੋਂ ਵੱਧ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਨਕਦੀ ਰਹਿਤ ਇਲਾਜ ਪ੍ਰਾਪਤ ਕਰ ਸਕਦੇ ਹਨ। ਸ. ਰੰਧਾਵਾ ਨੇ ਸਪਸ਼ਟ ਕੀਤਾ ਕਿ ਯੋਗਤਾ ਮਾਪਦੰਡ ਸਰਲ ਅਤੇ ਨਿਰਪੱਖ ਹਨ। ਰਜਿਸਟ ?ਰੇਸ਼ਨ ਕਰਵਾਉਣ ਲਈ ਸਿਰਫ਼ ਵੋਟਰ ਆਈ.ਡੀ. ਕਾਰਡ ਅਤੇ ਆਧਾਰ ਕਾਰਡ ਲੋੜੀਂਦਾ ਹੈ ਅਤੇ ਇਸ ਯੋਜਨਾ ਦਾ ਲਾਭ ਲੈਣ ਲਈ ਆਮਦਨ ਦੀ ਵੀ ਕੋਈ ਸ਼ਰਤ ਨਹੀਂ ਹੋਵੇਗੀ। ਸ. ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਡਾਕਟਰੀ ਇਲਾਜਾਂ ਦੀ ਵਿਸ਼ਾਲ ਸੂਚੀ ਸ਼ਾਮਲ ਹੈ, ਜਿਸ ਤਹਿਤ 2300 ਤੋਂ ਵੱਧ ਸਿਹਤ ਪੈਕੇਜਾਂ ਵਿਚ ਹਰ ਤਰਾਂ ਦੀਆਂ ਵੱਡੀਆਂ ਅਤੇ ਛੋਟੀਆਂ ਬਿਮਾਰੀਆਂ ਦੇ ਨਾਲ-ਨਾਲ ਦੁਰਘਟਨਾਤਮਕ ਸਰਜਰੀਆਂ ਨੂੰ ਵੀ ਕਵਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਪੰਜਾਬ ਦੇ ਲੋਕਾਂ ਲਈ ਹਰ ਡਾਕਟਰੀ ਸਹੂਲਤ ਨੂੰ ਇਸ ਵਿਆਪਕ ਸਿਹਤ ਬੀਮਾ ਹੇਠ ਕਵਰ ਕੀਤਾ ਜਾਵੇ।

# ਹੜ੍ਹ ਪ੍ਰਭਾਵਿਤ ਇਲਾਕੇ ਵਿੱਚ ਕਿਸਾਨਾਂ ਦੇ ਖੇਤ ਪੱਧਰੇ ਕਰਨ ਲਈ ਆਇਆ ਟਰੈਕਟਰਾਂ ਦਾ ਹੜ੍ਹ

## ਸੰਤ ਸੀਚੇਵਾਲ ਦੀ ਅਪੀਲ ਦਾ ਅਸਰ-ਦਾਨੀ ਸੱਜਣ ਡੀਜ਼ਲ ਲੈਕੇ ਪਹੁੰਚਣ ਲੱਗੇ, ਖਾਣ-ਪੀਣ ਵਾਲੀਆਂ ਵਸਤਾਂ ਤੋਂ ਪੀੜਤਾਂ ਨੇ ਹੀ ਕੀਤੀ ਤੌਬਾ

ਮਨਦੀਪ ਕੌਰ

ਸੁਲਤਾਨਪੁਰ ਲੋਧੀ, ਬਾਊਪੁਰ ਮੰਡ ਵਿੱਚ ਹੜ੍ਹ ਨਾਲ ਕਿਸਾਨਾਂ ਦੇ ਖੇਤਾਂ ਵਿੱਚ ਚੜ੍ਹੀ ਰੇਤਾ ਤੇ ਗਾਰ ਨੂੰ ਹਟਾਉਣ ਲਈ ਵੱਡੀ ਗਿਣਤੀ ਵਿੱਚ ਚੱਲ ਰਹੇ ਟ ?ਰੈਕਟਰ ਵੱਖਰਾ ਹੀ ਨਜ਼ਾਰਾ ਪੇਸ਼ ਕਰ ਰਹੇ ਹਨ। ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆ ਵਿੱਚੋਂ ਨੌਜਵਾਨ ਇਹ ਟ ?ਰੈਕਟਰ ਲੈਕੇ ਆਏ ਹੋਏ ਹਨ। ਕਿਸਾਨਾਂ ਦੇ ਖੇਤਾਂ ਵਿੱਚੋਂ ਰੇਤ ਕੱਢਣ ਲਈ ਇੱਕੋਂ ਸਮੇਂ 75 ਤੋਂ ਵੱਧ ਟੈ ?ਰਕਟਰ ਧੂੜ੍ਹਾਂ ਪੁੱਟ ਰਹੇ ਹਨ। ਰਾਜ ਸਭਾ ਮੈਂਬਰ ਤੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਪੰਜਾਬ ਭਰ ਦੇ ਲੋਕਾਂ ਨੂੰ ਡੀਜ਼ਲ ਲਿਆਉਣ ਦੀ ਕੀਤੀ ਅਪੀਲ ਅਸਰ ਦਿਖਾਉਣ ਲੱਗ ਪਈ ਹੈ। ਬਾਊਪੁਰ ਮੰਡ ਇਲਾਕੇ ਵਿੱਚ ਖੇਤ ਪੱਧਰੇ ਕਰਨ ਲਈ ਆਉਣ ਵਾਲੇ ਨੌਜਵਾਨਾਂ 15 ਤੋਂ 20 ਟ ?ਰੈਕਟਰਾਂ ਦਾ ਟੋਲਾ ਲੈਕੇ ਆ ਰਹੇ ਹਨ। ਉਹ ਆਪਣੇ ਨਾਲ ਦੋ ਤੋਂ ਤਿੰਨ ਹਜ਼ਾਰ ਲੀਟਰ ਡੀਜ਼ਲ ਰੱਖਣ ਦੀ ਸਮਰੱਥਾ ਵਾਲਾ ਟੈਂਕਰ ਵੀ ਲਿਆ ਰਹੇ ਹਨ। ਕਿਸਾਨਾਂ ਦੇ ਖੇਤ ਪੱਧਰੇ ਕਰਨ ਲਈ ਆਏ ਨੌਜਵਾਨ ਤਿੰਨ ਤੋਂ ਚਾਰ ਦਿਨ ਤੱਕ ਮੰਡ ਇਲਾਕੇ ਵਿੱਚ ਹੀ ਆਪਣੇ ਡੇਰੇ ਲਾ ਕੇ ਰੱਖਦੇ ਹਨ ਤੇ ਦਿਨ ਚੜ੍ਹਦੇ ਨੂੰ ਇਹ ਨੌਜਵਾਨ ਖੇਤਾਂ ਵਿੱਚੋਂ ਰੇਤਾ ਕੱਢਣ ਦੇ ਕੰਮ ਵਿੱਚ ਜੁਟ ਜਾਂਦੇ ਹਨ। ਜ਼ਿਕਰਯੋਗ ਹੈ ਕਿ ਬਾਊਪੁਰ ਮੰਡ ਇਲਾਕੇ ਵਿੱਚ 10 ਅਗਸਤ ਦੀ ਰਾਤ ਨੂੰ ਆਰਜ਼ੀ ਬੰਨ੍ਹ ਟੁੱਟਣ ਨਾਲ ਹੀ ਆਏ ਹੜ੍ਹ





ਨੇ 17 ਪਿੰਡਾਂ ਦੀ ਝੋਨੇ ਦੀ ਫ਼ਸਲ ਨੂੰ ਪੂਰੀ ਤਰ੍ਹਾਂ ਤਬਾਹ ਕਰਕੇ ਰੱਖ ਦਿੱਤਾ ਸੀ। ਇਸ ਖਿੱਤੇ ਵਿੱਚ 3500 ਏਕੜ ਝੋਨੇ ਦੀ ਫ਼ਸਲ ਸੀ ਜਿਹੜੀ ਪੂਰੀ ਤਰ੍ਹਾਂ ਨਾਲ ਤਬਾਹ ਹੋ ਗਈ ਸੀ। ਬਾਊਪੁਰ ਮੰਡ ਵਿੱਚ ਲਗਾਤਾਰ 30 ਦਿਨ ਤੱਕ ਪਾਣੀ ਖੜਾ ਰਿਹਾ ਸੀ, ਜਿਸ ਕਾਰਨ ਜਿੱਥੇ ਫਸਲਾਂ ਤਬਾਹ ਹੋ ਗਈਆਂ ਸਨ ਉਥੇ ਕਿਸਾਨਾਂ ਦੇ ਪਸ਼ੂ ਧੰਨ ਦਾ ਵੀ ਵੱਡੀ ਪੱਧਰ 'ਤੇ ਨੁਕਸਾਨ ਹੋ ਗਿਆ ਸੀ। ਅੱਜ ਸਿੱਧਵਾਂ ਪਿੰਡ ਦੇ ਸਰਪੰਚ ਸੁਖਵਿੰਦਰ ਸਿੰਘ ਨੇਕੀ ਵੱਲੋਂ 2300 ਲੀਟਰ ਡੀਜ਼ਲ ਲਿਆਂਦਾ ਦੀ ਸੇਵਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਜਿਹੜੀ ਅਪੀਲ ਕੀਤੀ ਸੀ ਉਸ 'ਤੇ ਫੁੱਲ ਚੜ੍ਹਾਉਂਦਿਆ ਵਿਦੇਸ਼ਾਂ ਵਿੱਚ ਗਏ ਉਨ੍ਹਾਂ ਦੇ ਬੱਚਿਆ ਨੇ ਕਿਸਾਨਾਂ ਦੀ ਮੱਦਦ ਵਾਸਤੇ ਡੀਜ਼ਲ ਭੇਜਣ ਦਾ ਫੈਸਲਾ ਕੀਤਾ ਸੀ। ਅੱਜ 2300 ਲੀਟਰ ਡੀਜ਼ਲ ਬਾਊਪੁਰ ਮੰਡ ਪਹੁੰਚਦਾ ਕੀਤਾ। ਇਸੇ ਤਰ੍ਹਾਂ ਕੁੱਝ ਦਿਨ ਪਹਿਲਾਂ ਬਰਨਾਲੇ ਤੋਂ ਨੌਜਵਾਨ 15 ਟਰੈਕਟਰ, ਰਾਜਸਸਥਾਨ ਦੇ ਲਛਮਣਗੜ੍ਹ ਤੋਂ ਮੁਸਲਿਮ ਭਾਈਚਾਰੇ ਵੱਲੋਂ ਰਾਸ਼ਣ ਤੇ 50 ਹਜ਼ਾਰ ਦੀ ਡੀਜ਼ਲ ਲਈ ਸੇਵਾ, ਜਲੰਧਰ ਤੋਂ ਨੌਜਵਾਨਾਂ ਵੱਲੋਂ 600 ਲੀਟਰ ਡੀਜ਼ਲ ਦੀ ਸੇਵਾ ਤੇ ਪਸ਼ੂਆਂ ਲਈ 200 ਗੱਠਾਂ ਚੋਕਰ, ਪਿੰਡ ਭੂਤਘੜ ਜ਼ਿਲ੍ਹਾ ਪਟਿਆਲਾ, ਜੈਮਲ ਸਿੰਘ ਮੋਗਾ ਤੋਂ, ਪਿੰਡ ਮਾਂਗੇ ਬਰਨਾਲੇ ਤੋਂ, ਕਪੂਰਥਲੇ ਦੇ ਪਿੰਡ ਖੀਰਾਂਵਾਲੀ, ਜਹਾਂਗੀਰ, ਨੂਰਪੁਰ, ਜ਼ਿਲ੍ ?ਹਾ ਸੰਗਰੂਰ ਤੋਂ, ਪਿੰਡ ਚਾਮੀਨਾਡਾ ਲੁਧਿਆਣਾ ਤੇ ਹੋਰ ਵੀ ਦੇਸ਼ ਭਰ ਤੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਲੋਕ ਟਰੈਕਟਰ ਤੇ ਡੀਜ਼ਲ ਦੀ ਸੇਵਾ ਲੈ ਕੇ ਪਹੁੰਚ ਰਹੇ ਹਨ।



# ਡਿਪਟੀ ਕਮਿਸ਼ਨਰ ਨੇ ਖੇਤੀਬਾੜੀ ਜਾਗਰੂਕਤਾ ਵੈਨਾਂ ਨੂੰ ਦਿਖਾਈ ਹਰੀ ਝੰਡੀ

## ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦਾ ਸੁਨੇਹਾ ਦੇਣਗੀਆਂ ਇਹ ਮੋਬਾਈਲ ਵੈਨਾਂ - ਡਿਪਟੀ ਕਮਿਸ਼ਨਰ

ਰਵਿੰਦਰ

ਗੁਰਦਾਸਪੁਰ, - ਮਾਣਯੋਗ ਨੈਸ਼ਨਲ ਗਰੀਨ ਟ੍ਰਿਬਿਊਨਲ ਨਵੀਂ ਦਿੱਲੀ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਉੱਤੇ ਪੂਰਨ ਪਾਬੰਦੀ ਲਗਾਈ ਗਈ ਹੈ। ਇਸ ਮੰਤਵ ਲਈ ਜ਼ਿਲ੍ਹੇ ਵਿੱਚ ਝੋਨੇ ਦੀ ਕਟਾਈ ਉਪਰੰਤ ਫ਼ਸਲੀ ਰਹਿੰਦ ਖੂੰਹਦ ਅਤੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕਰਦੀਆਂ 3 ਮੋਬਾਈਲ ਵੈਨਾਂ ਅੱਜ ਤੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਜਾਣਗੀਆਂ ਅਤੇ ਕਿਸਾਨਾਂ ਨੂੰ ਅੱਗ ਨਾ ਲਗਾਉਣ ਦੀ ਅਪੀਲ ਕਰਨਗੀਆਂ। ਇਨ੍ਹਾਂ ਵੈਨਾਂ ਨੂੰ ਅੱਜ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ, ਐੱਸ.ਡੀ.ਐੱਮ. ਦੀਨਾਨਗਰ ਸ. ਜਸਪਿੰਦਰ ਸਿੰਘ ਭੁੱਲਰ, ਡੀ.ਟੀ.ਓ. ਸ੍ਰੀਮਤੀ ਨਵਜੋਤ ਸ਼ਰਮਾ, ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਸਮੇਤ ਖੇਤੀਬਾੜੀ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਮੀਡੀਆ ਰਾਹੀਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਕਟਾਈ ਉਪਰੰਤ ਪਰਾਲੀ ਨੂੰ ਅੱਗ ਬਿਲਕੁਲ ਨਾ ਲਗਾਉਣ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ ਉੱਥੇ ਜ਼ਮੀਨ ਦੀ ਉਪਜਾਊ ਸ਼ਕਤੀ 'ਤੇ ਮਾੜਾ ਪ੍ਰਭਾਵ ਪੈਂਦਾ ਹੈ ਅਤੇ ਛੋਟੇ ਤੱਤ ਅੱਗ ਨਾਲ ਸੜ ਕੇ ਰਾਖ ਹੋ ਜਾਂਦੇ ਹਨ। ਅੱਗ ਲਗਾਉਣ ਨਾਲ ਕਈ ਸੜਕੀ ਦੁਰਘਟਨਾਵਾਂ ਕਰਕੇ ਕੀਮਤੀ ਜਾਨਾਂ ਵੀ ਚਲੀਆਂ ਜਾਂਦੀਆਂ ਹਨ। ਉਨ੍ਹਾਂ ?ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਹਿਲਾਂ ਹੀ ਇਸ ਸਬੰਧੀ ਵੱਖ-ਵੱਖ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਗਾ ਕੇ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਪਰਾਲੀ ਪ੍ਰਬੰਧਨ ਲਈ ਲੋੜੀਂਦੀ ਮਾਤਰਾ ਵਿੱਚ ਖੇਤੀ ਮਸ਼ੀਨਰੀ ਉਪਲਬਧ ਹੈ ਅਤੇ ਪਿੰਡ ਵਾਈਜ਼ ਖੇਤੀ ਸੰਦਾਂ ਦੀ ਵੰਡ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਕਿਸਾਨ ਨੇ ਪਰਾਲੀ ਸਾਂਭ ਸੰਭਾਲ ਲਈ ਖੇਤੀ ਮਸ਼ੀਨਰੀ ਕਿਰਾਏ ਉੱਤੇ ਲੈਣੀ ਹੈ ਤਾਂ ਉਹ ਆਪਣੇ ਨੇੜੇ ਦੇ ਖੇਤੀਬਾੜੀ ਦਫ਼ਤਰ ਸੰਪਰਕ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿਛਲੇ ਸਮੇਂ ਦੌਰਾਨ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਵਾਲੇ ਕਿਸਾਨਾਂ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ ਅਤੇ ਜਿਹੜੇ ਕਿਸਾਨ ਇਸ ਵਾਰ ਵੀ ਅੱਗ ਨਹੀਂ ਲਗਾਉਣਗੇ ਉਨ੍ਹਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਨੂੰ ਸਾੜਨ ਦੇ ਨੁਕਸਾਨਾਂ ਬਾਰੇ ਤਿਆਰ ਕੀਤਾ ਇੱਕ ਪੋਸਟਰ ਵੀ ਰੀਲੀਜ਼ ਕੀਤਾ ਗਿਆ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਵੀ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ। ਉਨ੍ਹਾਂ ਕਿਹਾ ਕਿ ਜੇਕਰ ਕਿਸਾਨ ਪਰਾਲੀ ਨੂੰ ਆਪਣੇ ਖੇਤਾਂ ਵਿੱਚ ਵਾਹੁੰਦਾ ਹੈ ਤਾਂ ਉਹ ਕਈ ਅਣਮੁੱਲੇ ਤੱਤਾਂ ਅਤੇ ਜੈਵਿਕ ਮਾਦੇ ਨੂੰ ਆਪਣੇ ਖੇਤਾਂ ਵਿੱਚ ਸੰਭਾਲ ਕੇ ਰੱਖਦਾ ਹੈ, ਜਿਸ ਨਾਲ ਫ਼ਸਲ ਦੇ ਝਾੜ ਵਿੱਚ ਵਾਧਾ ਹੋਣ ਨਾਲ ਰਸਾਇਣਿਕ ਖਾਦਾਂ ਦੇ ਖ਼ਰਚੇ ਵਿੱਚ ਵੀ ਬੱਚਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਹ ਜਾਗਰੂਕਤਾ ਵੈਨਾਂ ਹਰ ਪਿੰਡ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦਾ ਸੁਨੇਹਾ ਦੇਣਗੀਆਂ।

# ਦੀਨਾਨਗਰ ਦੇ ਐੱਸ. ਐੱਸ. ਐੱਮ ਕਾਲਜ਼ ਵਿੱਚ ਦੁਨੀਆ ਦੇ ਪ੍ਰਸਿੱਧ ਜੋਤਸ਼ੀ ਤੇ ਲਾਈਫ ਕੋਚ ਅਚਾਰਿਆ ਸਤਵਿੰਦਰ ਜੀ ਵੱਲੋਂ ਟਾਕ ਸ਼ੋਅ ਦਾ ਆਯੋਜਨ

ਸੋਨੂ

ਦੀਨਾਨਗਰ, ਦੁਨੀਆ ਦੇ ਪ੍ਰਸਿੱਧ ਜੋਤਸ਼ੀ ਅਤੇ ਲਾਈਫ ਕੋਚ ਅਚਾਰਿਆ ਸਤਵਿੰਦਰ ਜੀ ਇੱਕ ਵਿਸ਼ੇਸ਼ ਟਾਕ ਸ਼ੋਅ ਦੌਰਾਨ ਐੱਸ. ਐੱਸ. ਐੱਮ ਕਾਲਜ਼ ਦੀਨਾਨਗਰ ਵਿਖੇ ਪਹੁੰਚੇ । ਪ੍ਰਿੰਸੀਪਲ ਡਾਕਟਰ ਆਰ. ਕੇ ਤੁਲੀ , ਪ੍ਰੋਫੈਸਰ ਪ੍ਰਬੋਧ ਗਰੋਵਰ, ਪ੍ਰੋਫੈਸਰ ਸੁਬੀਰ ਰਗਬੋਤਰਾ ਅਤੇ ਸਮੂਹ ਕਾਲਜ਼ ਸਟਾਫ ਵੱਲੋਂ ਅਚਾਰਿਆ ਜੀ ਦਾ ਨਿੱਘਾ ਸਵਾਗਤ ਕੀਤਾ ਗਿਆ, ਜਯੋਤੀ ਪ੍ਰਜਵਲਿਤ ਤੋਂ ਬਾਅਦ ਉਹਨਾਂ ਆਪਣੀਆਂ ਆਧਿਆਤਮਿਕ ਅਤੇ ਜੋਤਸ਼ਿਕ ਸਿੱਖਿਆਵਾਂ ਨੂੰ ਵਿਸ਼ਵ ਪੱਧਰ 'ਤੇ ਸਾਂਝਾ ਕਰਨ ਲਈ ਇਹ ਸਮਾਗਮ 492 Events ਵੱਲੋਂ ਆਯੋਜਿਤ ਕੀਤਾ ਗਿਆ ਰਿਹਾ , ਜਿਸ ਵਿੱਚ ਦੁਨੀਆ ਭਰ ਤੋਂ ਆਏ ਵਿਦਵਾਨ, ਮੀਡੀਆ ਪ੍ਰਤੀਨਿਧੀ ਅਤੇ ਆਧਿਆਤਮਿਕ ਸਾਧਕਾਂ, ਕਾਲਜ਼ ਦੇ ਵਿਧਿਆਰਥੀਆਂ ਅਤੇ ਸਟਾਫ ਨੇ ਹਿੱਸਾ ਲਿਆ । ਡਾ. ਮਨਜਿੰਦਰ ਸਿੰਘ, 492 Events ਦੇ ਡਾਇਰੈਕਟਰ ਹਨ, ਦੱਸਦੇ ਹਨ ਕਿ ਇਹ ਟਾਕ ਸ਼ੋਅ ਸਿਰਫ ਇਕ ਲੈਕਚਰ ਨਹੀਂ, ਸਗੋਂ ਇੱਕ ਵਿਸ਼ਵ ਪੱਧਰੀ ਅੰਦੋਲਨ ਹੈ, ਜਿਸ ਦਾ ਮਕਸਦ ਹੈ ਲੋਕਾਂ ਨੂੰ ਜੋਤਿਸ਼ ਵਿਗਿਆਨ ਰਾਹੀਂ ਚੰਗੀ ਸੋਚ ਅਤੇ ਜੀਵਨ ਦੇ ਅਸਲ ਉਦੇਸ਼ ਵੱਲ ਪ੍ਰੇਰਿਤ ਕਰਨਾ ਹੈ ਅਚਾਰਿਆ ਸਤਵਿੰਦਰ ਜੀ ਦਾ ਮੰਨਣਾ ਹੈ ਕਿ ਜੋਤਿਸ਼ ਸਿਰਫ ਭਵਿੱਖ ਦੇ ਅਨੁਮਾਨਾਂ ਦੀ ਵਿਧੀ ਨਹੀਂ, ਸਗੋਂ ਆਤਮ-ਜਾਗਰੂਕਤਾ ਅਤੇ ਜੀਵਨ ਵਿੱਚ ਸੁਧਾਰ ਲਿਆਉਣ ਦਾ ਉਪਕਰਣ ਹੈ। ਇਹ ਸਮਾਗਮ ਇੰਟਰਐਕਟਿਵ ਸੀ , ਜਿਸ ਵਿੱਚ ਲੋਕਾਂ ਨੇ ਆਪਣੇ ਨਿੱਜੀ ਸਵਾਲ ਪੁਛੇ ਅਤੇ ਅਚਾਰਿਆ ਜੀ ਤੋਂ ਸਿੱਧਾ ਮਾਰਗਦਰਸ਼ਨ ਲਿਆ । ਅਚਾਰਿਆ ਸਤਵਿੰਦਰ ਜੀ ਇੱਕ ਐਸੇ ਆਧਿਆਤਮਿਕ ਮਾਰਗਦਰਸ਼ਕ ਹਨ ਜੋ ਜੋਤਿਸ਼ ਵਿਗਿਆਨ ਅਤੇ ਆਧੁਨਿਕ ਜੀਵਨ ਦੇ ਗਿਆਨ ਨੂੰ ਮਿਲਾ ਕੇ ਲੋਕਾਂ ਦੀ ਮਦਦ ਕਰਦੇ ਹਨ। ਇਸ ਮੌਕੇ ਕਾਲਜ਼ ਪ੍ਰਿੰਸੀਪਲ ਡਾਕਟਰ ਆਰ. ਕੇ ਤੁਲੀ ਤੋਂ ਇਲਾਵਾ, ਪ੍ਰੋ. ਸੁਸ਼ਮਾ ਦੇਵੀ,ਪ੍ਰੋ. ਕੰਵਲਜੀਤ ਕੌਰ,ਪ੍ਰੋ. ਮਨਜੀਤ, ਪ੍ਰੋ. ਦੀਪਿਕਾ,ਪ੍ਰੋ. ਸਾਨੀਆ, ਪ੍ਰੋ. ਕਿਰਤੀ, ਪ੍ਰੋ.ਕਾਜਲ,ਅਭਿਸ਼ੇਕ ਠਾਕੁਰ, ਸੰਨੀ ਜੰਮੂ,ਮੈਡਮ ਸੰਧਿਆ ਜੰਮੂ, ਬੀਰਾ ਜੀ ਘਰੋਟੀਆਂ,ਇੰਸਪੈਕਟਰ ਦੇਵਿੰਦਰ ਸਿੰਘ, ਪਰਮਿੰਦਰ ਸੈਣੀ ਅਤੇ ਬਾਕੀ ਸਮੂਹ ਸਟਾਫ ਮੈਂਬਰ ਮੌਜੂਦ ਸਨ




# ਬੱਚਿਆਂ ਦੇ ਤੰਦਰੁਸਤ ਭਵਿੱਖ ਦੀ ਖਾਤਰ, ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਈ ਜਾਵੇ- ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ

## ਵਧੀਕ ਡਿਪਟੀ ਕਮਿਸ਼ਨਰ ਡਾ. ਬੇਦੀ ਨੇ ਪਿੰਡ ਭਾਗੋਵਾਲ ਵਿਖੇ ਪਹੁੰਚ ਕੇ ਕਿਸਾਨਾਂ ਨੂੰ ਮਿਲਕੇ ਪਰਾਲੀ ਨਾ ਸਾੜਨ ਲਈ ਸਹਿਯੋਗ ਕਰਨ ਦੀ ਕੀਤੀ ਅਪੀਲ

ਸੋਨੂ, ਰਵਿੰਦਰ

ਬਟਾਲਾ, ਸ੍ਰੀ ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀਆਂ ਹਦਾਇਤਾਂ ਤਹਿਤ ਖੇਤੀਬਾੜੀ ਵਿਭਾਗ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ ਬਲਾਕ ਬਟਾਲਾ ਦੇ ਪਿੰਡ ਭਾਗੋਵਾਲ ਵਿਖੇ ਵਿਸ਼ੇਸ਼ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਕੀਤੀ ਗਈ। ਇਸ ਮੌਕੇ ਵਿਕਰਮਜੀਤ ਸਿੰਘ ਪਾਂਥੇ ਐਸ.ਡੀ.ਐਮ ਬਟਾਲਾ ਅਤੇ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਵੀ ਮੌਜੂਦ ਸਨ। ਇਸ ਮੌਕੇ ਦੀਦਾਰੇ ਦੁਨੀਆਂ, ਖਾਲਸਾ ਕਾਲਜ ਸ੍ਰੀ ਅੰਮ੍ਰਿਤਸਰ ਦੀ ਟੀਮ ਵਲੋਂ 'ਜਾਗੋ' ਨੁੱਕੜ ਨਾਟਕ ਰਾਹੀਂ ਪਰਾਲੀ ਨਾ ਸਾੜਨ ਲਈ ਕਿਸਾਨਾਂ ਨੂੰ ਜਾਗਰੂਕਤਾ ਦਾ ਸੁਨੇਹਾ ਦਿੱਤਾ। ਇਸ ਮੌਕੇ ਹਾਜ਼ਰ ਕਿਸਾਨਾਂ ਨਾਲ ਗੱਲ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਸਾਡਾ ਵਾਤਾਵਰਨ ਬੁਰੀ ਤਰ੍ਹਾਂ ਦੂਸ਼ਿਤ ਹੁੰਦਾ ਹੈ ਅਤੇ ਇਸ ਨਾਲ ਬਿਮਾਰੀਆਂ ਵਧਦੀਆਂ ਹਨ, ਜਿਨ੍ਹਾਂ ਦਾ ਸਾਡੇ ਬੱਚਿਆਂ ਅਤੇ ਬਜ਼ੁਰਗਾਂ ਦੀ ਸਿਹਤ ਤੇ ਬਹੁਤ ਮਾੜਾ ਪ੍ਰਭਾਵ ਪੈਂਦਾ ਹੈ। ਇਸ ਲਈ ਬੱਚਿਆਂ ਦੇ ਤੰਦਰੁਸਤ ਭਵਿੱਖ ਅਤੇ ਬਜੁਰਗਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਪਰਾਲੀ ਨਾ ਸਾੜੀ ਜਾਵੇ। ਉਨ੍ਹਾਂ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਅਤੇ ਨੈਸ਼ਨਲ ਗਰੀਨ ਟ੍ਰਿਬਿਊਨਲ ਵੱਲੋਂ ਇਸ ਸਬੰਧੀ ਸਖ਼ਤ ਆਦੇਸ਼ ਜਾਰੀ ਕੀਤੇ ਗਏ ਹਨ ਕਿ ਫ਼ਸਲੀ ਰਹਿੰਦ-ਖੂੰਹਦ ਨੂੰ ਲੱਗਦੀ ਅੱਗ ਨੂੰ ਰੋਕਿਆ ਜਾਵੇ। ਉਨ੍ਹਾਂ ਕਿਹਾ ਕਿ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣਾ ਕਿਸੇ ਤਰ੍ਹਾਂ ਵੀ ਲਾਹੇਵੰਦਾ ਨਹੀਂ ਹੈ ਇਸ ਨਾਲ ਜਿੱਥੇ ਸਾਡਾ ਵਾਤਾਵਰਨ ਦੂਸ਼ਿਤ ਹੁੰਦਾ ਹੈ ਓਥੇ ਅੱਗ ਲਗਾਉਣ ਨਾਲ ਜ਼ਮੀਨ ਦੇ ਉਪਜਾਊ ਤੱਤ ਵੀ ਨਸ਼ਟ ਹੋ ਜਾਂਦੇ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਮਸ਼ੀਨਾਂ ਸਬਸਿਡੀ ਉੱਤੇ ਉਪਲਬਧ ਕਰਵਾਈਆਂ ਗਈਆਂ ਹਨ, ਜਿਨ੍ਹਾਂ ਦੀ ਮਦਦ



ਨਾਲ ਅਸਾਨੀ ਨਾਲ ਫ਼ਸਲੀ ਰਹਿੰਦ-ਖੂੰਹਦ ਦਾ ਨਿਪਟਾਰਾ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਖੇਤ ਵਿਚ ਨਿਪਟਾਉਣ ਦੇ ਨਾਲ ਨਾਲ ਇਸ ਦੀਆਂ ਗੰਢਾ ਬਣਾ ਕੇ ਵਪਾਰਿਕ ਤਰੀਕੇ ਨਾਲ ਵੀ ਇਸ ਦੀ ਵਰਤੋ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ ਕਿਹਾ ਕਿ ਖੇਤਾਂ ਵਿਚ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ ਕਿਸਾਨਾਂ ਨੂੰ ਆਰਥਿਕ ਨੁਕਸਾਨ ਵੀ ਝੱਲਣਾ ਪੈਂਦਾ ਹੈ। ਇਸ ਮੌਕੇ ਉਨ੍ਹਾਂ ਵਲੋਂ ਪਿਛਲੇ ਸਮੇਂ ਦੌਰਾਨ ਪਰਾਲੀ ਨਾ ਸਾੜਨ ਵਾਲੇ ਅਗਾਂਹਵਧੂ ਕਿਸਾਨਾਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਇਨ੍ਹਾਂ ਅਗਾਂਹਵਧੂ ਕਿਸਾਨਾਂ ਵਲੋਂ ਪ੍ਰਸ਼ਾਸਨ ਦਾ ਸਾਥ ਦਿੱਤਾ ਗਿਆ ਤੇ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਸਹਿਯੋਗ ਕੀਤਾ ਗਿਆ ਹੈ, ਇਸ ਲਈ ਸਰਕਾਰੀ ਦਫਤਰਾਂ ਵਿੱਚ ਅਗਾਂਹਵਧੂ ਕਿਸਾਨਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਵਿੱਚ ਦੱਸਿਆ। ਉਨਾਂ ਕਿਸਾਨਾਂ ਨੂੰ ਕਿਹਾ ਕਿ ਉਹ ਝੋਨੇ ਦੇ ਨਾੜ ਨੂੰ ਅੱਗ ਲਗਾਏ ਬਿਨਾਂ ਸੁਪਰ ਸੀਡਰ ਨਾਲ ਹੀ ਕਣਕ ਦੀ ਬਿਜਾਈ ਕਰਨ ਤਾਂ ਜੋ ਮਿੱਟੀ ਦੇ ਤੱਤ ਨਸ਼ਟ ਨਾ ਹੋ ਸਕਣ ਅਤੇ ਮਿੱਟੀ ਦੀ ਗੁਣਵੱਤਾ ਬਣੀ ਰਹੇ। ਇਸ ਤੋਂ ਪਹਿਲਾਂ ਅਗਾਂਹਵਧੂ ਕਿਸਾਨ ਪਲਵਿੰਦਰ ਸਿੰਘ ਭਾਗੋਵਾਲ ਨੇ ਵਧੀਕ ਡਿਪਟੀ ਕਮਿਸ਼ਨਰ ਤੇ ਉਨ੍ਹਾਂ ਦੀ ਟੀਮ ਦਾ ਪਿੰਡ ਭਾਗੋਵਾਲ ਵਿਖੇ ਪਹੁੰਚਣ 'ਤੇ ਧੰਨਵਾਦ ਕਰਦਿਆਂ ਪਿੰਡਵਾਸੀਆਂ ਵਲੋਂ ਪਰਾਲੀ ਨਾ ਸਾੜਨ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਉਨ੍ਹਾਂ ਪਰਾਲੀ ਦੀ ਸੰਭਾਲ ਲਈ ਬੇਲਰ, ਸੁਪਰਸੀਡਰ ਸਮੇਤ ਲੋੜੀਦੀ ਖੇਤੀਬਾੜੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਕਿਹਾ। ਇਸ ਮੌਕੇ ਜਸਮੀਤ ਸਿੰਘ ਐਸ.ਡੀ ਓ ਪ੍ਰਦੂਸ਼ਣ ਕੰਟਰੋਲ ਬੋਰਡ, ਸਿਮਰਨਜੀਤ ਸਿੰਘ ਏ.ਡੀ.ਓ ਬਟਾਲਾ, ਬਲਦੇਵ ਸਿੰਘ ਬੁੱਟਰ ਖੇਤੀਬਾੜੀ ਵਿਸਥਾਰ ਅਫਸਰ, ਡਾ ਕੁਲਦੀਪ ਸਿੰਘ, ਅਗਾਂਹਵਧੂ ਕਿਸਾਨ ਪਲਵਿੰਦਰ ਸਿੰਘ, ਦਿਲਬਾਗ ਸਿੰਘ ਤੇ ਜਗਜੀਤ ਸਿੰਘ, ਗੋਬਿੰਦਪਾਲ ਸਿੰਘ ਜੇ.ਟੀ, ਕੁਲਵਿੰਦਰ ਸਿੰਘ ਬੀ.ਟੀ.ਐਮ ਹਰ ਗੁਰਨੇਕ ਸਿੰਘ ਆਦਿ ਹਾਜ਼ਰ ਸਨ

# ਵੋਟਰ ਨੁਮਾਇੰਦਗੀ ਦਾ ਮੁਲਾਂਕਣ ਕਰਦੇ ਸਮੇਂ ਉਮਰ ਨਹੀਂ ਦੇਖਦੇ

ਲੇਖ - ਸ਼੍ਰੀ ਅਸ਼ੋਕ ਮਲਿਕ



ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 75ਵੇਂ ਜਨਮਦਿਨ ਦੇ ਜਸ਼ਨਾਂ ਦੌਰਾਨ, ਭਾਜਪਾ ਅਤੇ ਵਿਆਪਕ ਸੰਘ ਪਰਿਵਾਰ ਦੇ ਅੰਦਰ ਕਥਿਤ ÷ਉਮਰ ਹੱਦ÷ ਨਿਯਮ ਬਾਰੇ ਕਿਆਸ ਲਗਾਏ ਗਏ। ਮੀਡੀਆ ਅਤੇ ਸਿਆਸੀ ਚਰਚਾ ਨੇ ਲਾਲ ਕ੍ਰਿਸ਼ਨ ਅਡਵਾਨੀ ਅਤੇ ਮ ੍ਰ ਲ ੀ ? ?ਮਨੋਹਰ ਜੋਸ਼ੀ ਵਰਗੇ ਦਿੱਗਜਾਂ ਦੀ ਸੇਵਾਮੁਕਤੀ ਵੱਲ ਇਸ਼ਾਰਾ ਵੀ ਕੀਤਾ। ਆਲੋਚਕਾਂ ਨੇ ਪੁੱਛਿਆ ਕਿ ਮੋਦੀ ਨਾਲ ਵੱਖਰਾ ਵਿਵਹਾਰ ਕਿਉਂ ਕੀਤਾ ਜਾਣਾ ਚਾਹੀਦਾ ਹੈ।

ਇਹ ਸਾਰੇ ਵਧੀਆ ਸਵਾਲ ਹਨ। ਜਨਮਦਿਨ ਦੇ ਜਸ਼ਨਾਂ ਸਬੰਧੀ ਗੱਲਾਂ-ਬਾਤਾਂ ਵਿੱਚ, ਪ੍ਰਤੀਕਿਰਿਆ ਤਿੱਖੀ ਅਤੇ ਸਪੱਸ਼ਟ ਸੀ। ਉਹ ਤੱਥਾਂ ਅਤੇ ਸਿਆਸੀ ਰੁਝਾਨਾਂ ਦੀ ਬਜਾਏ, ਕਿਸੇ ਨਾ ਕਿਸੇ ਰੂਪ ਵਿੱਚ ਸਿਆਸੀ ਧਾਰਨਾਵਾਂ ਤੋਂ ਪ੍ਰਭਾਵਿਤ ਸਨ। ਹੁਣ ਜਦੋਂ ਇਹ ਮਹੱਤਵਪੂਰਨ ਜਨਮਦਿਨ ਲੰਘ ਗਿਆ ਹੈ, ਇੱਕ ਚੰਗੀ ਤਰ੍ਹਾਂ ਸੋਚਿਆ-ਸਮਝਿਆ ਵਿਸ਼ਲੇਸ਼ਣ ਲਾਜ਼ਮੀ ਹੈ। ਇਸ ਵਿੱਚ ਅੰਤਰਰਾਸ਼ਟਰੀ ਪੱਧਰ 'ਤੇ ਅਤੇ ਭਾਰਤ ਵਿੱਚ ਆਧੁਨਿਕ ਸਿਆਸੀ ਸੱਭਿਆਚਾਰਾਂ ਦਾ ਅਧਿਐਨ ਕਰਨਾ ਅਤੇ ਨਾਲ ਹੀ ਮੋਦੀ ਦੇ ਨਿੱਜੀ ਰਿਕਾਰਡ ਦਾ ਅਧਿਐਨ ਕਰਨਾ ਸ਼ਾਮਲ ਹੈ। 1990 ਦੇ ਦਹਾਕੇ ਵਿੱਚ ਸਿਆਸੀ ਸੰਚਾਰ ਅਤੇ ਪ੍ਰਤੀਕਵਾਦ ਵਿੱਚ ਇੱਕ ਮਹੱਤਵਪੂਰਨ ਤਬਦੀਲੀ ਦੇਖੀ ਗਈ। ਸ਼ੀਤ ਯੁੱਧ ਦੇ ਅੰਤ ਦੇ ਨਾਲ ਨਵੀਂ ਉਮੀਦ, ਤੇਜ਼ ਆਰਥਿਕ ਵਿਕਾਸ ਅਤੇ ਵਿਆਪਕ ਪੇਸ਼ੇਵਰ ਅਤੇ ਨਾਗਰਿਕ ਸਮਾਜ ਦੀ ਖੁਦਮੁਖਤਿਆਰੀ ਦਰਮਿਆਨ ਸਿਆਸਤ ਨੂੰ ਇੱਕ ਤਕਨੀਕੀ ਜਾਂ ਸਬੰਧਤ ਗਤੀਵਿਧੀ ਵਜੋਂ ਸਵੀਕਾਰ ਕਰਨ ਦੀ ਭਾਵਨਾ ਉੱਭਰੀ। ਬੇਸ਼ੱਕ, ਇਹ ਗੱਲ ਪੱਛਮ ਲਈ ਸਭ ਤੋਂ ਵੱਡਾ ਸੱਚ ਸੀ। ਫਿਰ ਵੀ, ਜਿਵੇਂ ਕਿ ਉਮੀਦ ਕੀਤੀ ਗਈ ਸੀ, ਇਸਦਾ ਅਸਰ ਹੋਰ ਲੋਕਤੰਤਰਾਂ ਵਿੱਚ ਵੀ ਵਧੇਰੇ ਵਿਆਪਕ ਤੌਰ 'ਤੇ ਮਹਿਸੂਸ ਕੀਤਾ ਗਿਆ।

ਇਸਦੇ ਨਤੀਜਿਆਂ ਵਿੱਚ ਇੱਕ ਉਮਰਵਾਦੀ ਪੰਥ ਸ਼ਾਮਲ ਸੀ ਜਿਸਨੇ ਸਰਕਾਰ ਵਿੱਚ ਨੌਜਵਾਨਾਂ ਨੂੰ ਆਪਣੇ ਆਪ ਵਿੱਚ ਇੱਕ ਮੰਤਵ ਦੇ ਸਾਧਨ ਵਜੋਂ ਹੱਲ੍ਹਾਸ਼ੇਰੀ ਦਿੱਤੀ। ਇਸਨੇ ਇੱਕ ਰਾਜਨੇਤਾ ਦੀ ਅਸਲ ਸਾਖ਼ 'ਤੇ ਮੁਕਾਬਲਤਨ ਬਹੁਤ ਘੱਟ ਜ਼ੋਰ ਦਿੱਤਾ, ਜੋ ਕਿ ਜ਼ਰੂਰੀ ਨਹੀਂ ਕਿ ਉਨ੍ਹਾਂ ਦੀ ਉਮਰ ਨਾਲ ਜੁੜੇ ਹੋਣ। ਉਦਾਹਰਣ ਵਜੋਂ, ਯੂਨਾਈਟਿਡ ਕਿੰਗਡਮ ਅਤੇ ਸੰਯੁਕਤ ਰਾਜ ਅਮਰੀਕਾ ਵਿੱਚ, ਜੇਕਰ ਕੋਈ ਵਿਅਕਤੀ ਬਹੁਤ ਘੱਟ ਅਤੇ ਬਿਲਕੁਲ ਬੇਲੋੜੀ ਉਮਰ ਹੱਦ ਨੂੰ ਪਾਰ ਕਰ ਜਾਂਦਾ ਸੀ, ਤਾਂ ਉਨ੍ਹਾਂ ਨੂੰ ਚੁਣੇ ਜਾਣ ਦੇ ਯੋਗ ਮੰਨਿਆ ਜਾਣਾ ਮੁਸ਼ਕਿਲ ਸੀ।

ਇਸ ਨਾਲ ਜੁੜੀਆਂ ਕੁਝ ਉਦਾਹਰਣਾਂ ਦੇਖਦੇ ਹਾਂ। ਸੰਯੁਕਤ ਰਾਜ ਅਮਰੀਕਾ ਵਿੱਚ, ਬਿਲ ਕਲਿੰਟਨ ਨੇ 54 ਸਾਲ ਦੀ ਉਮਰ ਵਿੱਚ ਆਪਣਾ ਦੂਜਾ ਕਾਰਜਕਾਲ ਪੂਰਾ ਕੀਤਾ, ਜਾਰਜ ਡਬਲਿਊ ਬੁਸ਼ ਨੇ 62 ਸਾਲ ਦੀ ਉਮਰ ਵਿੱਚ ਅਤੇ ਬਰਾਕ ਓਬਾਮਾ ਨੇ 55 ਸਾਲ ਦੀ ਉਮਰ ਵਿੱਚ। ਬੇਸ਼ੱਕ, ਕਾਰਜਕਾਲ



ਦੀਆਂ ਹੱਦਾਂ ਨੇ ਉਨ੍ਹਾਂ ਤੀਜਾ ਕਾਰਜਕਾਲ ਰੋਕਿਆ, ਪਰ ਵੱਡਾ ਮੁੱਦਾ ਇਹ ਸੀ ਕਿ ਇੱਕ ਵੱਡੀ ਉਮਰ ਦੇ ਵਿਰੋਧੀ ਲਈ ਪਾਰਟੀ ਪ੍ਰਾਇਮਰੀ ਜਿੱਤਣਾ ਵੀ ਅਸੰਭਵ ਸੀ। ਓਦੋਂ ਸਿਆਸੀ ਹੁਨਰਾਂ ਦੀ ਇੱਕ ਪੂਰੀ ਪੀੜ੍ਹੀ ਬਰਬਾਦ ਹੋ ਗਈ, ਜਾਂ ਉਨ੍ਹਾਂ ਦੇ ਕਰੀਅਰ ਖਤਮ ਹੋ ਗਏ ਜਦੋਂ ਉਨ੍ਹਾਂ ਕੋਲ ਅਜੇ ਵੀ ਯੋਗਦਾਨ ਪਾਉਣ ਲਈ ਕਾਫ਼ੀ ਕੁਝ ਬਾਕੀ ਸੀ। ਬ੍ਰਿਟੇਨ ਥੋੜ੍ਹਾ ਵੱਖਰਾ ਸੀ। ਟੋਨੀ ਬਲੇਅਰ 54 ਸਾਲ ਦੀ ਉਮਰ ਵਿੱਚ ਸੇਵਾਮੁਕਤ ਹੋਏ, ਜਦਕਿ ਕੈਮਰਨ 49 ਸਾਲ ਦੀ ਉਮਰ ਵਿੱਚ ਅਤੇ ਰਿਸ਼ੀ ਸੁਨਕ 44 ਸਾਲ ਦੀ ਉਮਰ ਵਿੱਚ 10 ਡਾਊਨਿੰਗ ਸਟਰੀਟ ਛੱਡ ਕੇ ਚਲੇ ਗਏ।

ਜਨਤਕ ਜੀਵਨ ਵਿੱਚ ਕਾਰਜਕਾਰੀ ਪ੍ਰਤਿਭਾ ਸੀਮਤ ਹੈ। ਇਸਨੂੰ ਵਿਧਾਨਪਾਲਕਾ ਅਤੇ ਸਰਕਾਰ ਵਿੱਚ ਸਾਲਾਂ ਦੇ ਤਜਰਬੇ ਨਾਲ ਆਉਣ ਵਾਲੀ ਪਕੜ ਨਾਲ ਜੋੜ ਕੇ ਵੇਖੋ, ਤਾਂ ਪਤਾ ਲੱਗਦਾ ਹੈ ਕਿ ਪੱਛਮ ਨੇ ਕਿਵੇਂ ਟੈਲੀਵਿਜ਼ਨ-ਅਨੁਕੂਲ, ਮੀਡੀਆ-ਸੰਚਾਲਿਤ ਜਵਾਨੀ ਦੇ ਉਤਸ਼ਾਹ ਦਾ ਸ਼ਿਕਾਰ ਹੋ ਕੇ ਆਪਣੀ ਲੀਡਰਸ਼ਿਪ ਨੂੰ ਬਰਬਾਦ ਕਰ ਦਿੱਤਾ ਹੈ।

ਹੌਲੀ-ਹੌਲੀ, ਬ੍ਰਿਟੇਨ ਅਤੇ ਸੰਯੁਕਤ ਰਾਜ ਅਮਰੀਕਾ ਨੇ ਵੀ ਆਪਣੇ ਰੁਖ਼ ਨੂੰ ਸੁਧਾਰਿਆ ਹੈ। 1997 ਅਤੇ 2013 ਦੇ ਵਿਚਾਲੇ ਇੱਕ ਕਾਰਜਕਾਲ ਦੀ ਸ਼ੁਰੂਆਤ ਵਿੱਚ ਇੱਕ ਅਮਰੀਕੀ ਰਾਸ਼ਟਰਪਤੀ ਦੀ ਔਸਤ ਉਮਰ 52 ਸਾਲ ਸੀ। 2017 ਅਤੇ 2025 ਦਰਮਿਆਨ ਇਹ ਵਧ ਕੇ 75 ਹੋ ਗਈ। 79 ਸਾਲ ਦੀ ਉਮਰ ਵਿੱਚ, ਰਾਸ਼ਟਰਪਤੀ ਡੋਨਾਲਡ ਟਰੰਪ ਕਲਿੰਟਨ ਦੇ ਬਰਾਬਰ ਅਤੇ ਓਬਾਮਾ ਤੋਂ ਡੇਢ ਦਹਾਕਾ ਵੱਡੇ ਹਨ। ਬ੍ਰਿਟੇਨ ਵਿੱਚ, ਕੀਰ ਸਟਾਰਮਰ ਨੇ 61 ਸਾਲ ਦੀ ਉਮਰ ਵਿੱਚ ਅਹੁਦਾ ਸੰਭਾਲਿਆ। ਉਹ ਬਲੇਅਰ ਤੋਂ ਸੱਤ ਸਾਲ ਵੱਡੇ ਸਨ, ਜਦਕਿ ਬਲੇਅਰ ਪੂਰੇ ਇੱਕ ਦਹਾਕੇ ਲਈ ਪ੍ਰਧਾਨ ਮੰਤਰੀ ਵਜੋਂ ਸੇਵਾ ਨਿਭਾਉਣ ਤੋਂ ਬਾਅਦ ਸੇਵਾਮੁਕਤ ਹੋਏ।

ਸਪੱਸ਼ਟ ਤੌਰ 'ਤੇ, ਜਿਵੇਂ-ਜਿਵੇਂ ਸਿਆਸੀ ਆਰਥਿਕਤਾ ਵਧੇਰੇ ਗੁੰਝਲਦਾਰ ਅਤੇ ਚੁਣੌਤੀਪੂਰਨ ਹੁੰਦੀ ਜਾ ਰਹੀ ਹੈ, ਵੋਟਰ ਸਰਕਾਰ ਨੂੰ ਵੱਖਰੇ ਢੰਗ ਨਾਲ ਦੇਖਣਾ ਸ਼ੁਰੂ ਕਰ ਰਹੇ ਹਨ। ਨੇਤਾਵਾਂ ਵਿੱਚ ਉਨ੍ਹਾਂ ਹੁਨਰਾਂ ਵਿੱਚ ਉਮਰ ਸਪੱਸ਼ਟ ਤੌਰ 'ਤੇ ਇੱਕ ਕਾਰਕ ਹੈ, ਜੋ ਉਹ ਭਾਲਦੇ ਹਨ। ਦੂਜੇ ਸ਼ਬਦਾਂ ਵਿੱਚ, ਨੌਜਵਾਨ ਤਰਜੀਹ ਦੇ ਰੂਪ ਵਿੱਚ ਮਹੱਤਵਪੂਰਨ ਨਹੀਂ ਹਨ। ਵਿਚਾਰਧਾਰਕ (ਇੱਥੋਂ ਤੱਕ ਕਿ ਸਿਧਾਂਤਕ) ਬੁਨਿਆਦ ਦੇ ਨਾਲ ਹੁਨਰਮੰਦ, ਦ੍ਰਿੜ ਲੀਡਰਸ਼ਿਪ ਵਧੇਰੇ ਮਾਇਨੇ ਰੱਖਦੀ ਹੈ ਅਤੇ ਉਮਰ ਨੂੰ ਮੁਕਾਬਲਤਨ ਘੱਟ ਮਹੱਤਵ ਦਿੱਤਾ ਜਾਂਦਾ ਹੈ।

ਭਾਰਤ ਵਿੱਚ, ਕਈ ਪ੍ਰਧਾਨ ਮੰਤਰੀ ਕਥਿਤ ਉਮਰ ਹੱਦ ਨੂੰ ਪਾਰ ਕਰਨ ਤੋਂ ਬਾਅਦ ਵੀ ਕਿਤੇ ਜ਼ਿਆਦਾ ਪ੍ਰਭਾਵਸ਼ਾਲੀ ਰਹੇ ਹਨ। ਪੀ.ਵੀ. ਨਰਸਿਮਹਾ ਰਾਓ ਸੱਤਰ ਤੋਂ ਵੱਧ ਉਮਰ ਦੇ ਸਨ ਜਦੋਂ ਉਨ੍ਹਾਂ ਨੇ 1991 ਦੇ ਵਿੱਤੀ ਸੁਧਾਰਾਂ ਰਾਹੀਂ ਦੇਸ਼ ਦੀ ਅਗਵਾਈ ਕੀਤੀ। ਮੋਦੀ ਤੋਂ ਪਹਿਲਾਂ ਮਨਮੋਹਨ ਸਿੰਘ ਨੇ 81 ਸਾਲ ਦੀ ਉਮਰ ਤੱਕ ਸ਼ਾਸਨ ਕੀਤਾ। ਅੱਜ ਵੀ, ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਜਾਂ ਐੱਨਸੀਪੀ ਦੇ ਸ਼ਰਦ ਪਵਾਰ ਅੱਸੀ ਸਾਲ ਤੋਂ ਵੱਧ ਉਮਰ ਵਿੱਚ ਵੀ ਕੇਂਦਰੀ ਭੂਮਿਕਾਵਾਂ ਨਿਭਾ ਰਹੇ ਹਨ।

ਭਾਜਪਾ ਦਾ ਇਤਿਹਾਸ ਵੀ ਇਸ ਨੂੰ ਦਰਸਾਉਂਦਾ ਹੈ। 2004 ਵਿੱਚ, ਅਟਲ ਬਿਹਾਰੀ ਵਾਜਪਾਈ ਨੇ 79 ਸਾਲ ਦੀ ਉਮਰ ਵਿੱਚ ਦੁਬਾਰਾ ਚੋਣ ਲਈ ਪ੍ਰਚਾਰ ਕੀਤਾ ਅਤੇ 84 ਸਾਲ ਦੀ ਉਮਰ ਤੱਕ ਸੰਸਦ ਵਿੱਚ ਰਹੇ। ਅਡਵਾਨੀ ਨੇ ਅੱਸੀ ਸਾਲਾਂ ਤੋਂ ਵੱਧ ਸਮੇਂ ਤੱਕ ਨਿਰੰਤਰ ਮੁਹਿੰਮ ਚਲਾਈ, ਪਾਰਟੀ ਨੂੰ ਅੱਗੇ ਵਧਾਇਆ ਅਤੇ ਅੰਤ ਵਿੱਚ 91 ਸਾਲ ਦੀ ਉਮਰ ਵਿੱਚ ਆਪਣਾ ਸੰਸਦੀ ਕੈਰੀਅਰ ਨੂੰ ਅਲਵਿਦਾ ਆਖਿਆ। ਮੁਰਲੀ ? ?ਮਨੋਹਰ ਜੋਸ਼ੀ, 85 ਸਾਲ ਦੀ ਉਮਰ ਵਿੱਚ ਆਪਣੇ ਕਾਰਜਕਾਲ ਦੇ ਅੰਤ ਤੱਕ, ਪ੍ਰਭਾਵਸ਼ਾਲੀ ਸੰਸਦੀ ਕਮੇਟੀਆਂ ਦੀ ਅਗਵਾਈ ਕਰਦੇ ਰਹੇ ਅਤੇ ਸਿੱਖਿਆ ਅਤੇ ਊਰਜਾ 'ਤੇ ਬਹਿਸਾਂ ਨੂੰ ਨਵਾਂ ਸਰੂਪ ਦਿੱਤਾ ਦਿੱਤਾ।

2014 ਵਿੱਚ ਵੀ ਬਦਲਾਅ ਦਾ ਕਾਰਨ ਭਾਜਪਾ ਦਾ ਉਮਰ ਨਿਯਮ ਨਹੀਂ ਸੀ, ਬਲਕਿ ਮੋਦੀ ਨੂੰ ਮਿਲੇ ਵੱਡੇ ਜਨਮਤ ਨੂੰ ਹੋਰ ਵਧੀਆ ਢੰਗ ਨਾਲ ਦਰਸਾਉਣ ਲਈ ਪਾਰਟੀ ਦਾ ਪੁਨਰਗਠਨ ਕੀਤਾ ਜਾ ਰਿਹਾ ਸੀ ਅਤੇ ਇਹ ਇੱਕ ਪੀੜ੍ਹੀਗਤ ਬਦਲਾਅ ਸੀ। ਇਹ ਕਦੇ ਵੀ ਵਿਵੇਕ ਤੋਂ ਬਿਨਾਂ ਲਾਗੂ ਕੀਤਾ ਗਿਆ ਇੱਕ ਮਕੈਨੀਕਲ ਫਾਰਮੂਲਾ ਨਹੀਂ ਸੀ। ਇਸ ਲਈ, ਮੁੱਖ ਕਾਰਕ ਉਮਰ ਨਹੀਂ, ਸਗੋਂ ਸਮਰੱਥਾ ਅਤੇ ਯੋਗਤਾ ਹੈ। ਆਪਣੀ ਸਮਝੀ ਜਾਂਦੀ ਵਧਦੀ ਉਮਰ ਦੇ ਬਾਵਜੂਦ, ਮੋਦੀ ਨੇ 2024 ਦੇ ਤਿੰਨ ਮਹੀਨਿਆਂ ਦੇ ਚੋਣ ਪ੍ਰਚਾਰ ਦੌਰਾਨ 200 ਤੋਂ ਵੱਧ ਜਨਤਕ ਮੀਟਿੰਗਾਂ ਨੂੰ ਸੰਬੋਧਨ ਕੀਤਾ। ਜ਼ਿਆਦਾਤਰ ਦਿਨਾਂ ਵਿੱਚ, ਤੇਜ਼ ਗਰਮੀ ਦੇ ਬਾਵਜੂਦ ਤਿੰਨ ਜਾਂ ਚਾਰ ਭਾਸ਼ਣਾਂ ਤੋਂ ਬਾਅਦ, ਉਹ ਸਰਕਾਰੀ ਮੀਟਿੰਗਾਂ, ਨੀਤੀਗਤ ਜਾਇਜ਼ੇ ਅਤੇ ਫੈਸਲੇ ਲੈਣ ਲਈ ਦਿੱਲੀ ਵਾਪਸ ਆ ਜਾਂਦੇ ਸਨ। ਸੰਖੇਪ ਵਿੱਚ, ਉਹ ਇਸ ਕੰਮ ਲਈ ਤਿਆਰ ਸੀ - ਅਤੇ ਹੁਣ ਵੀ ਹਨ।

ਸਿਆਸੀ ਤੌਰ 'ਤੇ ਲੰਮੀ ਉਮਰ ਹੋਣੀ ਸਰੀਰਕ ਤਾਕਤ ਤੋਂ ਵਧਕੇ ਹੁੰਦੀ ਹੈ। ਆਪਣੀ ਪੀੜ੍ਹੀ ਦੇ ਸਭ ਤੋਂ ਪ੍ਰਤਿਭਾਸ਼ਾਲੀ ਅਤੇ ਬੌਧਿਕ ਤੌਰ 'ਤੇ ਚੁਸਤ ਸਿਆਸਤਦਾਨ ਹੋਣ ਦੇ ਨਾਤੇ, ਮੋਦੀ ਦੀ ਪ੍ਰਸਿੱਧੀ ਦੀ ਕੁੰਜੀ ਉਨ੍ਹਾਂ ਦਾ ਸ਼ਲਾਘਾਯੋਗ ਅਤੇ ਨਿਰੰਤਰ ਵਿਕਾਸ ਹੈ। ਉਹ ਕਿਸੇ ਵੀ ਮੰਤਵ ਦੇ ਅਨੁਕੂਲ ਆਪਣੇ ਆਪ ਨੂੰ ਮੁੜ ਸਿਖਲਾਈ ਦਿੰਦੇ ਹਨ। ਉਨ੍ਹਾਂ ਦੀ ਨੀਤੀਗਤ ਸਲਾਹ, ਨਾਗਰਿਕਾਂ ਦੀਆਂ ਇੱਛਾਵਾਂ ਅਤੇ ਮੰਗਾਂ ਨਾਲ ਉਨ੍ਹਾਂ ਦਾ ਨਿਰੰਤਰ ਸਬੰਧ, ਉਨ੍ਹਾਂ ਦੀ ਬਾਹਰੀ ਸ਼ਮੂਲੀਅਤ ਦੀ ਰਣਨੀਤੀ, ਉਨ੍ਹਾਂ ਦੀ ਆਰਥਿਕ ਹੱਲ੍ਹਾਸ਼ੇਰੀ: ਉਹ ਅਜੇ ਵੀ ਭਾਰਤ ਦੀ ਸਮਕਾਲੀ ਰਾਜਨੀਤੀ ਵਿੱਚ ਸਭ ਤੋਂ ਸੂਝਵਾਨ ਰਾਜਨੇਤਾ ਹਨ।

ਦੂਜੇ ਵਿਅਕਤੀਗਤ ਵਿਸ਼ਿਆਂ ਬਾਰੇ ਹੋਰ ਲੋਕ ਜਾਣਦੇ ਹੋ ਸਕਦੇ ਹਨ, ਪਰ ਸਮੁੱਚੇ ਤੌਰ 'ਤੇ ਇਸ ਮੁਕਾਮ 'ਤੇ ਕੋਈ ਹੋਰ ਨਹੀਂ ਹੈ - ਇੱਥੋਂ ਤੱਕ ਕਿ ਉਨ੍ਹਾਂ ਤੋਂ ਸਾਲਾਂ ਬਾਅਦ ਪੈਦਾ ਹੋਏ ਲੋਕ ਵੀ ਨਹੀਂ। ਫਿਨਟੈਕ ਤੋਂ ਸੈਮੀਕੰਡਕਟਰ ਤੱਕ, ਉੱਭਰ ਰਹੀਆਂ ਤਕਨਾਲੋਜੀਆਂ ਤੋਂ ਲੈ ਕੇ ਵਪਾਰਕ ਸਮਝੌਤਿਆਂ ਵਿੱਚ ਅਭਿਲਾਸ਼ਾ ਤੱਕ, ਉਹ ਇਸ ਖੇਤਰ ਵਿੱਚ ਸਭ ਤੋਂ ਨੌਜਵਾਨ ਨਹੀਂ ਹਨ, ਪਰ ਯਕੀਨੀ ਤੌਰ 'ਤੇ ਆਪਣੀ ਸੋਚ ਵਿੱਚ ਸਭ ਤੋਂ ਆਧੁਨਿਕ ਹਨ। ਇਹੀ ਕਾਰਨ ਹੈ ਕਿ ਭਾਰਤੀ ਲੋਕ ਉਨ੍ਹਾਂ 'ਤੇ ਭਰੋਸਾ ਰੱਖਦੇ ਹਨ। ਇਸ ਲਈ, ਸਿਆਸੀ ਕਰੀਅਰ ਅਤੇ ਮੋਦੀ ਦੀ ਸਥਾਈ ਅਪੀਲ ਦਾ ਸਿਰਫ਼ ਸਰੀਰਕ ਉਮਰ ਦੇ ਅਧਾਰ 'ਤੇ ਨਿਰਣਾ ਕਰਨਾ ਨਾ ਸਿਰਫ਼ ਅਣਉਚਿਤ ਹੈ ਸਗੋਂ ਅਸਲੀਅਤ ਤੋਂ ਕੋਹਾਂ ਦੂਰ ਵੀ ਹੈ। ਵੋਟਰਾਂ ਦੀ ਪਸੰਦ ਉਮਰ ਤੋਂ ਰਹਿਤ ਹੁੰਦੀ ਹੈ।

**ਲੇਖਕ 'ਦ ਏਸ਼ੀਆ ਗਰੁੱਪ' ਦੇ ਸਹਿਯੋਗੀ ਅਤੇ ਭਾਰਤ ਵਿੱਚ ਇਸਦੇ ਪ੍ਰਧਾਨ ਹਨ। ਇਹ ਵਿਚਾਰ ਨਿੱਜੀ ਹਨ।**